# ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

## ਰਾਗੁ ਪਰਭਾਤੀ ਬਿਭਾਸ ਮਹਲਾ ੧ ਚਉਪਦੇ ਘਰੁ ੧॥

ਨਾਇ ਤੇਰੈ ਤਰਣਾ ਨਾਇ ਪਤਿ ਪੂਜ ॥ ਨਾਉ ਤੇਰਾ ਗਹਣਾ ਮਤਿ ਮਕਸੂਦੁ ॥ ਨਾਇ ਤੇਰੈ ਨਾਉ ਮੰਨੇ ਸਭ ਕੋਇ ॥ ਵਿਣੁ ਨਾਵੈ ਪਤਿ ਕਬਹੁ ਨ ਹੋਇ ॥੧॥ ਅਵਰ ਸਿਆਣਪ ਸਗਲੀ ਪਾਜੁ ॥ ਜੈ ਬਖਸੇ ਤੈ ਪੂਰਾ ਕਾਜੁ ॥੧॥ ਰਹਾਉ ॥ ਨਾਉ ਤੇਰਾ ਤਾਣੁ ਨਾਉ ਦੀਬਾਣੁ ॥ ਨਾਉ ਤੇਰਾ ਲਸਕਰੁ ਨਾਉ ਸੁਲਤਾਨੁ ॥ ਨਾਇ ਤੇਰੈ ਮਾਣੁ ਮਹਤ ਪਰਵਾਣੁ ॥ ਤੇਰੀ ਨਦਰੀ ਕਰਮਿ ਪਵੈ ਨੀਸਾਣੁ ॥੨॥ ਨਾਇ ਤੇਰੈ ਸਹਜੁ ਨਾਇ ਸਾਲਾਹ ॥ ਨਾਉ ਤੇਰਾ ਅੰਮ੍ਰਿਤੁ ਬਿਖੁ ਉਠਿ ਜਾਇ ॥ ਨਾਇ ਤੇਰੈ ਸਭਿ ਸੁਖ ਵਸਹਿ ਮਨਿ ਆਇ ॥ ਬਿਨੁ ਨਾਵੈ ਬਾਧੀ ਜਮ ਪੁਰਿ ਜਾਇ ॥੩॥ ਨਾਰੀ ਬੇਰੀ ਘਰ ਦਰ ਦੇਸ ॥ ਮਨ ਕੀਆ ਖੁਸੀਆ ਕੀਚਹਿ ਵੇਸ ॥ ਜਾਂ ਸਦੇ ਤਾਂ ਢਿਲ ਨ ਪਾਇ ॥ ਨਾਨਕ ਕੂੜੁ ਕੂੜੋ ਹੋਇ ਜਾਇ ॥੪॥੧॥ ਪ੍ਰਭਾਤੀ ਮਹਲਾ ੧ ॥ ਤੇਰਾ ਨਾਮੁ ਰਤਨੁ ਕਰਮੁ ਚਾਨਣੁ ਸੁਰਤਿ ਤਿਥੈ ਲੋਇ ॥ ਅੰਧੇਰੁ ਅੰਧੀ ਵਾਪਰੈ ਸਗਲ ਲੀਜੈ ਖੋਇ ॥੧॥ ਇਹੁ ਸੰਸਾਰੁ ਸਗਲ ਬਿਕਾਰੁ ॥ ਤੇਰਾ ਨਾਮੁ ਦਾਰੂ ਅਵਰੁ ਨਾਸਤਿ ਕਰਣਹਾਰੁ ਅਪਾਰੁ ॥੧॥ ਰਹਾਉ ॥ ਪਾਤਾਲ ਪੁਰੀਆ ਏਕ ਭਾਰ ਹੋਵਹਿ ਲਾਖ ਕਰੋੜਿ ॥ ਤੇਰੇ ਲਾਲ ਕੀਮਤਿ

ਤਾ ਪਵੈ ਜਾਂ ਸਿਰੈ ਹੋਵਹਿ ਹੋਰਿ ॥੨॥ ਦੂਖਾ ਤੇ ਸੁਖ ਊਪਜਹਿ ਸੂਖੀ ਹੋਵਹਿ ਦੂਖ ॥ ਜਿਤੁ ਮੁਖਿ ਤੂ ਸਾਲਾਹੀਅਹਿ ਤਿਤੁ ਮੁਖਿ ਕੈਸੀ ਭੁਖ ॥੩॥ ਨਾਨਕ ਮੂਰਖੁ ਏਕੁ ਤੂ ਅਵਰੁ ਭਲਾ ਸੈਸਾਰੁ ॥ ਜਿਤੁ ਤਨਿ ਨਾਮੁ ਨ ਊਪਜੈ ਸੇ ਤਨ ਹੋਹਿ ਖੁਆਰ ॥੪॥੨॥ ਪ੍ਰਭਾਤੀ ਮਹਲਾ ੧ ॥ ਜੈ ਕਾਰਣਿ ਬੇਦ ਬ੍ਰਹਮੈ ਉਚਰੇ ਸੰਕਰਿ ਛੋਡੀ ਮਾਇਆ ॥ ਜੈ ਕਾਰਣਿ ਸਿਧ ਭਏ ਉਦਾਸੀ ਦੇਵੀ ਮਰਮੁ ਨ ਪਾਇਆ ॥੧॥ ਬਾਬਾ ਮਨਿ ਸਾਚਾ ਮੁਖਿ ਸਾਚਾ ਕਹੀਐ ਤਰੀਐ ਸਾਚਾ ਹੋਈ ॥ ਦੁਸਮਨੁ ਦੂਖੁ ਨ ਆਵੈ ਨੇੜੈ ਹਰਿ ਮਤਿ ਪਾਵੈ ਕੋਈ ॥੧॥ ਰਹਾਉ ॥ ਅਗਨਿ ਬਿੰਬ ਪਵਣੈ ਕੀ ਬਾਣੀ ਤੀਨਿ ਨਾਮ ਕੇ ਦਾਸਾ ॥ ਤੇ ਤਸਕਰ ਜੋ ਨਾਮੁ ਨ ਲੇਵਹਿ ਵਾਸਹਿ ਕੋਟ ਪੰਚਾਸਾ ॥੨॥ ਜੇ ਕੋ ਏਕ ਕਰੈ ਚੰਗਿਆਈ ਮਨਿ ਚਿਤਿ ਬਹੁਤੁ ਬਫਾਵੈ ॥ ਏਤੇ ਗੁਣ ਏਤੀਆ ਚੰਗਿਆਈਆ ਦੇਇ ਨ ਪਛੋਤਾਵੈ ॥੩॥ ਤੁਧੁ ਸਾਲਾਹਨਿ ਤਿਨ ਧਨੁ ਪਲੈ ਨਾਨਕ ਕਾ ਧਨੁ ਸੋਈ ॥ ਜੇ ਕੋ ਜੀਉ ਕਹੈ ਓਨਾ ਕਉ ਜਮ ਕੀ ਤਲਬ ਨ ਹੋਈ ॥੪॥੩॥ ਪ੍ਰਭਾਤੀ ਮਹਲਾ ੧ ॥ ਜਾ ਕੈ ਰੂਪੁ ਨਾਹੀ ਜਾਤਿ ਨਾਹੀ ਨਾਹੀ ਮੁਖੁ ਮਾਸਾ ॥ ਸਤਿਗੁਰਿ ਮਿਲੇ ਨਿਰੰਜਨੁ ਪਾਇਆ ਤੇਰੈ ਨਾਮਿ ਹੈ ਨਿਵਾਸਾ ॥੧॥ ਅਉਧੂ ਸਹਜੇ ਤਤੁ ਬੀਚਾਰਿ ॥ ਜਾ ਤੇ ਫਿਰਿ ਨ ਆਵਹੁ ਸੈਸਾਰਿ ॥੧॥ ਰਹਾਉ ॥ ਜਾ ਕੈ ਕਰਮੁ ਨਾਹੀ ਧਰਮੁ ਨਾਹੀ ਨਾਹੀ ਸੁਚਿ ਮਾਲਾ ॥ ਸਿਵ ਜੋਤਿ ਕੰਨਹੁ ਬੁਧਿ ਪਾਈ ਸਤਿਗੁਰੂ ਰਖਵਾਲਾ ॥੨॥ ਜਾ ਕੈ ਬਰਤੁ ਨਾਹੀ ਨੇਮੁ ਨਾਹੀ ਨਾਹੀ ਬਕਬਾਈ ॥ ਗਤਿ ਅਵਗਤਿ ਕੀ ਚਿੰਤ ਨਾਹੀ ਸਤਿਗੁਰੂ ਫੁਰਮਾਈ ॥੩॥ ਜਾ ਕੈ ਆਸ ਨਾਹੀ ਨਿਰਾਸ ਨਾਹੀ ਚਿਤਿ ਸੁਰਤਿ ਸਮਝਾਈ ॥ ਤੰਤ ਕਉ ਪਰਮ ਤੰਤੁ ਮਿਲਿਆ ਨਾਨਕਾ ਬੁਧਿ ਪਾਈ ॥੪॥੪॥ ਪ੍ਰਭਾਤੀ ਮਹਲਾ ੧ ॥ ਤਾ ਕਾ ਕਹਿਆ ਦਰਿ ਪਰਵਾਣੁ ॥ ਬਿਖੁ ਅੰਮ੍ਰਿਤੁ ਦੁਇ ਸਮ ਕਰਿ ਜਾਣੁ ॥੧॥ ਕਿਆ ਕਹੀਐ ਸਰਬੇ ਰਹਿਆ ਸਮਾਇ ॥ ਜੋ ਕਿਛੁ ਵਰਤੈ ਸਭ ਤੇਰੀ ਰਜਾਇ ॥੧॥ ਰਹਾਉ ॥ ਪ੍ਰਗਟੀ ਜੋਤਿ ਚੂਕਾ ਅਭਿਮਾਨੁ ॥ ਸਤਿਗੁਰਿ ਦੀਆ ਅੰਮ੍ਰਿਤ ਨਾਮੁ ॥੨॥ ਕਲਿ ਮਹਿ ਆਇਆ ਸੋ ਜਨੁ ਜਾਣੁ ॥ ਸਾਚੀ ਦਰਗਹ ਪਾਵੈ ਮਾਣੁ ॥੩॥ ਕਹਣਾ ਸੁਨਣਾ ਅਕਥ ਘਰਿ ਜਾਇ ॥ ਕਥਨੀ ਬਦਨੀ ਨਾਨਕ ਜਲਿ ਜਾਇ ॥੪॥੫॥ ਪ੍ਰਭਾਤੀ ਮਹਲਾ ੧ ॥ ਅੰਮ੍ਰਿਤੁ ਨੀਰੁ ਗਿਆਨਿ ਮਨ ਮਜਨੁ ਅਠਸਠਿ ਤੀਰਥ ਸੰਗਿ ਗਹੇ ॥ ਗੁਰ ਉਪਦੇਸਿ ਜਵਾਹਰ ਮਾਣਕ ਸੇਵੇ ਸਿਖੁ ਸੁੋ ਖੋਜਿ ਲਹੈ ॥੧॥ ਗੁਰ ਸਮਾਨਿ ਤੀਰਥੁ ਨਹੀ ਕੋਇ ॥ ਸਰੁ ਸੰਤੋਖੁ ਤਾਸੁ ਗੁਰੁ ਹੋਇ

॥੧॥ ਰਹਾਉ ॥ ਗੁਰੁ ਦਰੀਆਉ ਸਦਾ ਜਲੁ ਨਿਰਮਲੁ ਮਿਲਿਆ ਦੁਰਮਤਿ ਮੈਲੁ ਹਰੈ ॥ ਸਤਿਗੁਰਿ ਪਾਇਐ ਪੂਰਾ ਨਾਵਣੁ ਪਸੂ ਪਰੇਤਹੁ ਦੇਵ ਕਰੈ ॥੨॥ ਰਤਾ ਸਚਿ ਨਾਮਿ ਤਲ ਹੀਅਲੁ ਸੋ ਗੁਰੁ ਪਰਮਲੁ ਕਹੀਐ ॥ ਜਾ ਕੀ ਵਾਸੁ ਬਨਾਸਪਤਿ ਸਉਰੈ ਤਾਸੁ ਚਰਣ ਲਿਵ ਰਹੀਐ ॥੩॥ ਗੁਰਮੁਖਿ ਜੀਅ ਪ੍ਰਾਨ ਉਪਜਹਿ ਗੁਰਮੁਖਿ ਸਿਵ ਘਰਿ ਜਾਈਐ ॥ ਗੁਰਮੁਖਿ ਨਾਨਕ ਸਚਿ ਸਮਾਈਐ ਗੁਰਮੁਖਿ ਨਿਜ ਪਦੁ ਪਾਈਐ ॥੪॥੬॥ ਪ੍ਰਭਾਤੀ ਮਹਲਾ ੧ ॥ ਗੁਰ ਪਰਸਾਦੀ ਵਿਦਿਆ ਵੀਚਾਰੈ ਪੜਿ ਪੜਿ ਪਾਵੈ ਮਾਨੁ ॥ ਆਪਾ ਮਧੇ ਆਪੁ ਪਰਗਾਸਿਆ ਪਾਇਆ ਅੰਮ੍ਰਿਤੁ ਨਾਮੁ ॥੧॥ ਕਰਤਾ ਤੂ ਮੇਰਾ ਜਜਮਾਨੁ ॥ ਇਕ ਦਖਿਣਾ ਹਉ ਤੈ ਪਹਿ ਮਾਗਉ ਦੇਹਿ ਆਪਣਾ ਨਾਮੁ ॥੧॥ ਰਹਾਉ ॥ ਪੰਚ ਤਸਕਰ ਧਾਵਤ ਰਾਖੇ ਚੂਕਾ ਮਨਿ ਅਭਿਮਾਨੁ ॥ ਦਿਸਟਿ ਬਿਕਾਰੀ ਦੁਰਮਤਿ ਭਾਗੀ ਐਸਾ ਬ੍ਰਹਮ ਗਿਆਨੁ ॥੨॥ ਜਤੁ ਸਤੁ ਚਾਵਲ ਦਇਆ ਕਣਕ ਕਰਿ ਪ੍ਰਾਪਤਿ ਪਾਤੀ ਧਾਨੁ ॥ ਦੂਧੁ ਕਰਮੁ ਸੰਤੋਖੁ ਘੀਉ ਕਰਿ ਐਸਾ ਮਾਂਗਉ ਦਾਨੁ ॥੩॥ ਖਿਮਾ ਧੀਰਜੁ ਕਰਿ ਗਊ ਲਵੇਰੀ ਸਹਜੇ ਬਛਰਾ ਖੀਰੁ ਪੀਐ ॥ ਸਿਫਤਿ ਸਰਮ ਕਾ ਕਪੜਾ ਮਾਂਗਉ ਹਰਿ ਗੁਣ ਨਾਨਕ ਰਵਤੁ ਰਹੈ ॥੪॥੭॥ ਪ੍ਰਭਾਤੀ ਮਹਲਾ ੧ ॥ ਆਵਤੁ ਕਿਨੈ ਨ ਰਾਖਿਆ ਜਾਵਤੁ ਕਿਉ ਰਾਖਿਆ ਜਾਇ ॥ ਜਿਸ ਤੇ ਹੋਆ ਸੋਈ ਪਰੁ ਜਾਣੈ ਜਾਂ ਉਸ ਹੀ ਮਾਹਿ ਸਮਾਇ ॥੧॥ ਤੂਹੈ ਹੈ ਵਾਹੁ ਤੇਰੀ ਰਜਾਇ ॥ ਜੋ ਕਿਛੁ ਕਰਹਿ ਸੋਈ ਪਰੁ ਹੋਇਬਾ ਅਵਰੁ ਨ ਕਰਣਾ ਜਾਇ ॥੧॥ ਰਹਾਉ ॥ ਜੈਸੇ ਹਰਹਟ ਕੀ ਮਾਲਾ ਟਿੰਡ ਲਗਤ ਹੈ ਇਕ ਸਖਨੀ ਹੋਰ ਫੇਰ ਭਰੀਅਤ ਹੈ ॥ ਤੈਸੋ ਹੀ ਇਹੁ ਖੇਲੁ ਖਸਮ ਕਾ ਜਿਉ ਉਸ ਕੀ ਵਡਿਆਈ ॥੨॥ ਸੁਰਤੀ ਕੈ ਮਾਰਗਿ ਚਲਿ ਕੈ ਉਲਟੀ ਨਦਰਿ ਪ੍ਰਗਾਸੀ ॥ ਮਨਿ ਵੀਚਾਰਿ ਦੇਖੁ ਬ੍ਰਹਮ ਗਿਆਨੀ ਕਉਨੁ ਗਿਰਹੀ ਕਉਨੁ ਉਦਾਸੀ ॥੩॥ ਜਿਸ ਕੀ ਆਸਾ ਤਿਸ ਹੀ ਸਉਪਿ ਕੈ ਏਹੁ ਰਹਿਆ ਨਿਰਬਾਣੁ ॥ ਜਿਸ ਤੇ ਹੋਆ ਸੋਈ ਕਰਿ ਮਾਨਿਆ ਨਾਨਕ ਗਿਰਹੀ ਉਦਾਸੀ ਸੋ ਪਰਵਾਣੁ ॥੪॥੮॥ ਪ੍ਰਭਾਤੀ ਮਹਲਾ ੧ ॥ ਦਿਸਟਿ ਬਿਕਾਰੀ ਬੰਧਨਿ ਬਾਂਧੈ ਹਉ ਤਿਸ ਕੈ ਬਲਿ ਜਾਈ ॥ ਪਾਪ ਪੁੰਨ ਕੀ ਸਾਰ ਨ ਜਾਣੈ ਭੂਲਾ ਫਿਰੈ ਅਜਾਈ ॥੧॥ ਬੋਲਹੁ ਸਚੁ ਨਾਮੁ ਕਰਤਾਰ ॥ ਫੁਨਿ ਬਹੁੜਿ ਨ ਆਵਣ ਵਾਰ ॥੧॥ ਰਹਾਉ ॥ ਊਚਾ ਤੇ ਫੁਨਿ ਨੀਚੁ ਕਰਤੁ ਹੈ ਨੀਚ ਕਰੈ ਸੁਲਤਾਨੁ ॥ ਜਿਨੀ ਜਾਣੁ ਸੁਜਾਣਿਆ ਜਗਿ ਤੇ ਪੂਰੇ ਪਰਵਾਣੁ ॥੨॥ ਤਾ ਕਉ ਸਮਝਾਵਣ ਜਾਈਐ ਜੇ ਕੋ ਭੂਲਾ ਹੋਈ ॥

ਆਪੇ ਖੇਲ ਕਰੇ ਸਭ ਕਰਤਾ ਐਸਾ ਬੂਝੈ ਕੋਈ ॥੩॥ ਨਾਉ ਪ੍ਰਭਾਤੈ ਸਬਦਿ ਧਿਆਈਐ ਛੋਡਹੁ ਦੁਨੀ ਪਰੀਤਾ ॥ ਪ੍ਰਣਵਤਿ ਨਾਨਕ ਦਾਸਨਿ ਦਾਸਾ ਜਗਿ ਹਾਰਿਆ ਤਿਨਿ ਜੀਤਾ ॥੪॥੯॥ ਪ੍ਰਭਾਤੀ ਮਹਲਾ ੧ ॥ ਮਨੁ ਮਾਇਆ ਮਨੁ ਧਾਇਆ ਮਨੁ ਪੰਖੀ ਆਕਾਸਿ ॥ ਤਸਕਰ ਸਬਦਿ ਨਿਵਾਰਿਆ ਨਗਰੁ ਵੁਠਾ ਸਾਬਾਸਿ ॥ ਜਾ ਤੂ ਰਾਖਹਿ ਰਾਖਿ ਲੈਹਿ ਸਾਬਤੁ ਹੋਵੈ ਰਾਸਿ ॥੧॥ ਐਸਾ ਨਾਮੁ ਰਤਨੁ ਨਿਧਿ ਮੇਰੈ ॥ ਗੁਰਮਤਿ ਦੇਹਿ ਲਗਉ ਪਗਿ ਤੇਰੈ ॥੧॥ ਰਹਾਉ ॥ ਮਨੁ ਜੋਗੀ ਮਨੁ ਭੋਗੀਆ ਮਨੁ ਮੂਰਖੁ ਗਾਵਾਰੁ ॥ ਮਨੁ ਦਾਤਾ ਮਨੁ ਮੰਗਤਾ ਮਨ ਸਿਰਿ ਗੁਰੁ ਕਰਤਾਰੁ ॥ ਪੰਚ ਮਾਰਿ ਸੁਖੁ ਪਾਇਆ ਐਸਾ ਬ੍ਰਹਮੁ ਵੀਚਾਰੁ ॥੨॥ ਘਟਿ ਘਟਿ ਏਕੁ ਵਖਾਣੀਐ ਕਹਉ ਨ ਦੇਖਿਆ ਜਾਇ ॥ ਖੋਟੋ ਪੂਠੋ ਰਾਲੀਐ ਬਿਨੁ ਨਾਵੈ ਪਤਿ ਜਾਇ ॥ ਜਾ ਤੂ ਮੇਲਹਿ ਤਾ ਮਿਲਿ ਰਹਾਂ ਜਾਂ ਤੇਰੀ ਹੋਇ ਰਜਾਇ ॥੩॥ ਜਾਤਿ ਜਨਮੁ ਨਹ ਪੂਛੀਐ ਸਚ ਘਰੁ ਲੇਹੁ ਬਤਾਇ ॥ ਸਾ ਜਾਤਿ ਸਾ ਪਤਿ ਹੈ ਜੇਹੇ ਕਰਮ ਕਮਾਇ ॥ ਜਨਮ ਮਰਨ ਦੁਖੁ ਕਾਟੀਐ ਨਾਨਕ ਛੂਟਸਿ ਨਾਇ ॥੪॥੧੦॥ ਪ੍ਰਭਾਤੀ ਮਹਲਾ ੧ ॥ ਜਾਗਤੁ ਬਿਗਸੈ ਮੂਠੋ ਅੰਧਾ ॥ ਗਲਿ ਫਾਹੀ ਸਿਰਿ ਮਾਰੇ ਧੰਧਾ ॥ ਆਸਾ ਆਵੈ ਮਨਸਾ ਜਾਇ ॥ ਉਰਝੀ ਤਾਣੀ ਕਿਛੁ ਨ ਬਸਾਇ ॥੧॥ ਜਾਗਸਿ ਜੀਵਣ ਜਾਗਣਹਾਰਾ ॥ ਸੁਖ ਸਾਗਰ ਅੰਮ੍ਰਿਤ ਭੰਡਾਰਾ ॥੧॥ ਰਹਾਉ ॥ ਕਹਿਓ ਨ ਬੂਝੈ ਅੰਧੁ ਨ ਸੂਝੈ ਭੋਂਡੀ ਕਾਰ ਕਮਾਈ ॥ ਆਪੇ ਪ੍ਰੀਤਿ ਪ੍ਰੇਮ ਪਰਮੇਸੁਰੁ ਕਰਮੀ ਮਿਲੈ ਵਡਾਈ ॥੨॥ ਦਿਨੁ ਦਿਨੁ ਆਵੈ ਤਿਲੁ ਤਿਲੁ ਛੀਜੈ ਮਾਇਆ ਮੋਹੁ ਘਟਾਈ ॥ ਬਿਨੁ ਗੁਰ ਬੂਡੋ ਠਉਰ ਨ ਪਾਵੈ ਜਬ ਲਗ ਦੂਜੀ ਰਾਈ ॥੩॥ ਅਹਿਨਿਸਿ ਜੀਆ ਦੇਖਿ ਸਮੑਾਲੈ ਸੁਖੁ ਦੁਖੁ ਪੁਰਬਿ ਕਮਾਈ ॥ ਕਰਮਹੀਣੁ ਸਚੁ ਭੀਖਿਆ ਮਾਂਗੈ ਨਾਨਕ ਮਿਲੈ ਵਡਾਈ ॥੪॥੧੧॥ ਪ੍ਰਭਾਤੀ ਮਹਲਾ ੧ ॥ ਮਸਟਿ ਕਰਉ ਮੂਰਖੁ ਜਗਿ ਕਹੀਆ ॥ ਅਧਿਕ ਬਕਉ ਤੇਰੀ ਲਿਵ ਰਹੀਆ ॥ ਭੂਲ ਚੂਕ ਤੇਰੈ ਦਰਬਾਰਿ ॥ ਨਾਮ ਬਿਨਾ ਕੈਸੇ ਆਚਾਰ ॥੧॥ ਐਸੇ ਝੂਠਿ ਮੁਠੇ ਸੰਸਾਰਾ ॥ ਨਿੰਦਕੁ ਨਿੰਦੈ ਮੁਝੈ ਪਿਆਰਾ ॥੧॥ ਰਹਾਉ ॥ ਜਿਸੁ ਨਿੰਦਹਿ ਸੋਈ ਬਿਧਿ ਜਾਣੈ ॥ ਗੁਰ ਕੈ ਸਬਦੇ ਦਰਿ ਨੀਸਾਣੈ ॥ ਕਾਰਣ ਨਾਮੁ ਅੰਤਰਗਤਿ ਜਾਣੈ ॥ ਜਿਸ ਨੋ ਨਦਰਿ ਕਰੇ ਸੋਈ ਬਿਧਿ ਜਾਣੈ ॥੨॥ ਮੈ ਮੈਲੌ ਊਜਲੁ ਸਚੁ ਸੋਇ ॥ ਊਤਮੁ ਆਖਿ ਨ ਊਚਾ ਹੋਇ ॥ ਮਨਮੁਖੁ ਖੂਲਿੑ ਮਹਾ ਬਿਖੁ ਖਾਇ ॥ ਗੁਰਮੁਖਿ ਹੋਇ ਸੁ ਰਾਚੈ ਨਾਇ ॥੩॥ ਅੰਧੌ ਬੋਲੌ

ਮੁਗਧੁ ਗਵਾਰੁ ॥ ਹੀਣੌ ਨੀਚੁ ਬੁਰੌ ਬੁਰਿਆਰੁ ॥ ਨੀਧਨ ਕੌ ਧਨੁ ਨਾਮੁ ਪਿਆਰੁ ॥ ਇਹੁ ਧਨੁ ਸਾਰੁ ਹੋਰੁ ਬਿਖਿਆ
ਛਾਰੁ ॥੪॥ ਉਸਤਤਿ ਨਿੰਦਾ ਸਬਦੁ ਵੀਚਾਰੁ ॥ ਜੋ ਦੇਵੈ ਤਿਸ ਕਉ ਜੈਕਾਰੁ ॥ ਤੂ ਬਖਸਹਿ ਜਾਤਿ ਪਤਿ ਹੋਇ ॥
ਨਾਨਕੁ ਕਹੈ ਕਹਾਵੈ ਸੋਇ ॥੫॥੧੨॥ ਪ੍ਰਭਾਤੀ ਮਹਲਾ ੧ ॥ ਖਾਇਆ ਮੈਲੁ ਵਧਾਇਆ ਪੈਧੈ ਘਰ ਕੀ ਹਾਣਿ ॥
ਬਕਿ ਬਕਿ ਵਾਦੁ ਚਲਾਇਆ ਬਿਨੁ ਨਾਵੈ ਬਿਖੁ ਜਾਣਿ ॥੧॥ ਬਾਬਾ ਐਸਾ ਬਿਖਮ ਜਾਲਿ ਮਨੁ ਵਾਸਿਆ ॥
ਬਿਬਲੁ ਝਾਗਿ ਸਹਜਿ ਪਰਗਾਸਿਆ ॥੧॥ ਰਹਾਉ ॥ ਬਿਖੁ ਖਾਣਾ ਬਿਖੁ ਬੋਲਣਾ ਬਿਖੁ ਕੀ ਕਾਰ ਕਮਾਇ ॥
ਜਮ ਦਰਿ ਬਾਧੇ ਮਾਰੀਅਹਿ ਛੂਟਸਿ ਸਾਚੈ ਨਾਇ ॥੨॥ ਜਿਵ ਆਇਆ ਤਿਵ ਜਾਇਸੀ ਕੀਆ ਲਿਖਿ ਲੈ ਜਾਇ ॥
ਮਨਮੁਖਿ ਮੂਲੁ ਗਵਾਇਆ ਦਰਗਹ ਮਿਲੈ ਸਜਾਇ ॥੩॥ ਜਗੁ ਖੋਟੌ ਸਚੁ ਨਿਰਮਲੌ ਗੁਰ ਸਬਦੀਂ ਵੀਚਾਰਿ ॥
ਤੇ ਨਰ ਵਿਰਲੇ ਜਾਣੀਅਹਿ ਜਿਨ ਅੰਤਰਿ ਗਿਆਨੁ ਮੁਰਾਰਿ ॥੪॥ ਅਜਰੁ ਜਰੈ ਨੀਝਰੁ ਝਰੈ ਅਮਰ ਅਨੰਦ ਸਰੂਪ ॥
ਨਾਨਕੁ ਜਲ ਕੌ ਮੀਨੁ ਸੈ ਥੇ ਭਾਵੈ ਰਾਖਹੁ ਪ੍ਰੀਤਿ ॥੫॥੧੩॥ ਪ੍ਰਭਾਤੀ ਮਹਲਾ ੧ ॥ ਗੀਤ ਨਾਦ ਹਰਖ
ਚਤੁਰਾਈ ॥ ਰਹਸ ਰੰਗ ਫੁਰਮਾਇਸਿ ਕਾਈ ॥ ਪੈਨ੍ਣੁ ਖਾਣਾ ਚੀਤਿ ਨ ਪਾਈ ॥ ਸਾਚੁ ਸਹਜੁ ਸੁਖੁ ਨਾਮਿ ਵਸਾਈ
॥੧॥ ਕਿਆ ਜਾਨਾਂ ਕਿਆ ਕਰੈ ਕਰਾਵੈ ॥ ਨਾਮ ਬਿਨਾ ਤਨਿ ਕਿਛੁ ਨ ਸੁਖਾਵੈ ॥੧॥ ਰਹਾਉ ॥ ਜੋਗ ਬਿਨੋਦ
ਸ੍ਵਾਦ ਆਨੰਦਾ ॥ ਮਤਿ ਸਤ ਭਾਇ ਭਗਤਿ ਗੋਬਿੰਦਾ ॥ ਕੀਰਤਿ ਕਰਮ ਕਾਰ ਨਿਜ ਸੰਦਾ ॥ ਅੰਤਰਿ ਰਵਤੌ ਰਾਜ
ਰਵਿੰਦਾ ॥੨॥ ਪ੍ਰਿਉ ਪ੍ਰਿਉ ਪ੍ਰੀਤਿ ਪ੍ਰੇਮਿ ਉਰ ਧਾਰੀ ॥ ਦੀਨਾ ਨਾਥੁ ਪੀਉ ਬਨਵਾਰੀ ॥ ਅਨਦਿਨੁ ਨਾਮੁ ਦਾਨੁ
ਬ੍ਰਤਕਾਰੀ ॥ ਤ੍ਰਿਪਤਿ ਤਰੰਗ ਤਤੁ ਬੀਚਾਰੀ ॥੩॥ ਅਕਥੌ ਕਥਉ ਕਿਆ ਮੈ ਜੋਰੁ ॥ ਭਗਤਿ ਕਰੀ ਕਰਾਇਹਿ ਮੋਰ ॥
ਅੰਤਰਿ ਵਸੈ ਚੂਕੈ ਮੈ ਮੋਰ ॥ ਕਿਸੁ ਸੇਵੀ ਦੂਜਾ ਨਹੀ ਹੋਰੁ ॥੪॥ ਗੁਰ ਕਾ ਸਬਦੁ ਮਹਾ ਰਸੁ ਮੀਠਾ ॥ ਐਸਾ
ਅੰਮ੍ਰਿਤੁ ਅੰਤਰਿ ਡੀਠਾ ॥ ਜਿਨਿ ਚਾਖਿਆ ਪੂਰਾ ਪਦੁ ਹੋਇ ॥ ਨਾਨਕ ਧ੍ਰਾਪਿਓ ਤਨਿ ਸੁਖੁ ਹੋਇ ॥੫॥੧੪॥
ਪ੍ਰਭਾਤੀ ਮਹਲਾ ੧ ॥ ਅੰਤਰਿ ਦੇਖਿ ਸਬਦਿ ਮਨੁ ਮਾਨਿਆ ਅਵਰੁ ਨ ਰਾਂਗਨਹਾਰਾ ॥ ਅਹਿਨਿਸਿ ਜੀਆ ਦੇਖਿ
ਸਮਾਲੇ ਤਿਸ ਹੀ ਕੀ ਸਰਕਾਰਾ ॥੧॥ ਮੇਰਾ ਪ੍ਰਭੁ ਰਾਂਗਿ ਘਣੌ ਅਤਿ ਰੂੜੌ ॥ ਦੀਨ ਦਇਆਲੁ ਪ੍ਰੀਤਮ ਮਨਮੋਹਨੁ
ਅਤਿ ਰਸ ਲਾਲ ਸਗੂੜੌ ॥੧॥ ਰਹਾਉ ॥ ਊਪਰਿ ਕੂਪੁ ਗਗਨ ਪਨਿਹਾਰੀ ਅੰਮ੍ਰਿਤੁ ਪੀਵਣਹਾਰਾ ॥ ਜਿਸ ਕੀ

ਰਚਨਾ ਸੋ ਬਿਧਿ ਜਾਣੈ ਗੁਰਮੁਖਿ ਗਿਆਨੁ ਵੀਚਾਰਾ ॥੨॥ ਪਸਰੀ ਕਿਰਣਿ ਰਸਿ ਕਮਲ ਬਿਗਾਸੇ ਸਸਿ ਘਰਿ ਸੂਰੁ ਸਮਾਇਆ ॥ ਕਾਲੁ ਬਿਧੁੰਸਿ ਮਨਸਾ ਮਨਿ ਮਾਰੀ ਗੁਰ ਪ੍ਰਸਾਦਿ ਪ੍ਰਭੁ ਪਾਇਆ ॥੩॥ ਅਤਿ ਰਸਿ ਰੰਗਿ ਚਲੂਲੈ ਰਾਤੀ ਦੂਜਾ ਰੰਗੁ ਨ ਕੋਈ ॥ ਨਾਨਕ ਰਸਨਿ ਰਸਾਏ ਰਾਤੇ ਰਵਿ ਰਹਿਆ ਪ੍ਰਭੁ ਸੋਈ ॥੪॥੧੫॥ ਪ੍ਰਭਾਤੀ ਮਹਲਾ ੧ ॥ ਬਾਰਹ ਮਹਿ ਰਾਵਲ ਖਪਿ ਜਾਵਹਿ ਚਹੁ ਛਿਅ ਮਹਿ ਸੰਨਿਆਸੀ ॥ ਜੋਗੀ ਕਾਪੜੀਆ ਸਿਰਖੂਥੇ ਬਿਨੁ ਸਬਦੈ ਗਲਿ ਫਾਸੀ ॥੧॥ ਸਬਦਿ ਰਤੇ ਪੂਰੇ ਬੈਰਾਗੀ ॥ ਅਉਹਠਿ ਹਸਤ ਮਹਿ ਭੀਖਿਆ ਜਾਚੀ ਏਕ ਭਾਇ ਲਿਵ ਲਾਗੀ ॥੧॥ ਰਹਾਉ ॥ ਬ੍ਰਹਮਣ ਵਾਦੁ ਪੜਹਿ ਕਰਿ ਕਿਰਿਆ ਕਰਣੀ ਕਰਮ ਕਰਾਏ ॥ ਬਿਨੁ ਬੂਝੇ ਕਿਛੁ ਸੂਝੈ ਨਾਹੀ ਮਨਮੁਖੁ ਵਿਛੁੜਿ ਦੁਖੁ ਪਾਏ ॥੨॥ ਸਬਦਿ ਮਿਲੇ ਸੇ ਸੂਚਾਚਾਰੀ ਸਾਚੀ ਦਰਗਹ ਮਾਨੇ ॥ ਅਨਦਿਨੁ ਨਾਮਿ ਰਤਨਿ ਲਿਵ ਲਾਗੇ ਜੁਗਿ ਜੁਗਿ ਸਾਚਿ ਸਮਾਨੇ ॥੩॥ ਸਗਲੇ ਕਰਮ ਧਰਮ ਸੁਚਿ ਸੰਜਮ ਜਪ ਤਪ ਤੀਰਥ ਸਬਦਿ ਵਸੇ ॥ ਨਾਨਕ ਸਤਿਗੁਰ ਮਿਲੈ ਮਿਲਾਇਆ ਦੂਖ ਪਰਾਛਤ ਕਾਲ ਨਸੇ ॥੪॥੧੬॥ ਪ੍ਰਭਾਤੀ ਮਹਲਾ ੧ ॥ ਸੰਤਾ ਕੀ ਰੇਣੁ ਸਾਧ ਜਨ ਸੰਗਤਿ ਹਰਿ ਕੀਰਤਿ ਤਰੁ ਤਾਰੀ ॥ ਕਹਾ ਕਰੈ ਬਪੁਰਾ ਜਮੁ ਡਰਪੈ ਗੁਰਮੁਖਿ ਰਿਦੈ ਮੁਰਾਰੀ ॥੧॥ ਜਲਿ ਜਾਉ ਜੀਵਨੁ ਨਾਮ ਬਿਨਾ ॥ ਹਰਿ ਜਪਿ ਜਾਪੁ ਜਪਉ ਜਪਮਾਲੀ ਗੁਰਮੁਖਿ ਆਵੈ ਸਾਦੁ ਮਨਾ ॥੧॥ ਰਹਾਉ ॥ ਗੁਰ ਉਪਦੇਸ ਸਾਚੁ ਸੁਖੁ ਜਾ ਕਉ ਕਿਆ ਤਿਸੁ ਉਪਮਾ ਕਹੀਐ ॥ ਲਾਲ ਜਵੇਹਰ ਰਤਨ ਪਦਾਰਥ ਖੋਜਤ ਗੁਰਮੁਖਿ ਲਹੀਐ ॥੨॥ ਚੀਨੈ ਗਿਆਨੁ ਧਿਆਨੁ ਧਨੁ ਸਾਚੌ ਏਕ ਸਬਦਿ ਲਿਵ ਲਾਵੈ ॥ ਨਿਰਾਲੰਬੁ ਨਿਰਹਾਰੁ ਨਿਹਕੇਵਲੁ ਨਿਰਭਉ ਤਾੜੀ ਲਾਵੈ ॥੩॥ ਸਾਇਰ ਸਪਤ ਭਰੇ ਜਲ ਨਿਰਮਲਿ ਉਲਟੀ ਨਾਵ ਤਰਾਵੈ ॥ ਬਾਹਰਿ ਜਾਤੌ ਠਾਕਿ ਰਹਾਵੈ ਗੁਰਮੁਖਿ ਸਹਜਿ ਸਮਾਵੈ ॥੪॥ ਸੋ ਗਿਰਹੀ ਸੋ ਦਾਸੁ ਉਦਾਸੀ ਜਿਨਿ ਗੁਰਮੁਖਿ ਆਪੁ ਪਛਾਨਿਆ ॥ ਨਾਨਕੁ ਕਹੈ ਅਵਰੁ ਨਹੀ ਦੂਜਾ ਸਾਚ ਸਬਦਿ ਮਨੁ ਮਾਨਿਆ ॥੫॥੧੭॥

## ਰਾਗੁ ਪ੍ਰਭਾਤੀ ਮਹਲਾ ੩ ਚਉਪਦੇ ੴ ਸਤਿਗੁਰ ਪ੍ਰਸਾਦਿ ॥

ਗੁਰਮੁਖਿ ਵਿਰਲਾ ਕੋਈ ਬੂਝੈ ਸਬਦੇ ਰਹਿਆ ਸਮਾਈ ॥ ਨਾਮਿ ਰਤੇ ਸਦਾ ਸੁਖੁ ਪਾਵੈ ਸਾਚਿ ਰਹੈ ਲਿਵ ਲਾਈ

॥੧॥ ਹਰਿ ਹਰਿ ਨਾਮੁ ਜਪਹੁ ਜਨ ਭਾਈ ॥ ਗੁਰ ਪ੍ਰਸਾਦਿ ਮਨੁ ਅਸਥਿਰੁ ਹੋਵੈ ਅਨਦਿਨੁ ਹਰਿ ਰਸਿ ਰਹਿਆ ਅਘਾਈ ॥੧॥ ਰਹਾਉ ॥ ਅਨਦਿਨੁ ਭਗਤਿ ਕਰਹੁ ਦਿਨੁ ਰਾਤੀ ਇਸੁ ਜੁਗ ਕਾ ਲਾਹਾ ਭਾਈ ॥ ਸਦਾ ਜਨ ਨਿਰਮਲ ਮੈਲੁ ਨ ਲਾਗੈ ਸਚਿ ਨਾਮਿ ਚਿਤੁ ਲਾਈ ॥੨॥ ਸੁਖੁ ਸੀਗਾਰੁ ਸਤਿਗੁਰੂ ਦਿਖਾਇਆ ਨਾਮਿ ਵਡੀ ਵਡਿਆਈ ॥ ਅਖੁਟ ਭੰਡਾਰ ਭਰੇ ਕਦੇ ਤੋਟਿ ਨ ਆਵੈ ਸਦਾ ਹਰਿ ਸੇਵਹੁ ਭਾਈ ॥੩॥ ਆਪੇ ਕਰਤਾ ਜਿਸ ਨੋ ਦੇਵੈ ਤਿਸੁ ਵਸੈ ਮਨਿ ਆਈ ॥ ਨਾਨਕ ਨਾਮੁ ਧਿਆਇ ਸਦਾ ਤੂ ਸਤਿਗੁਰਿ ਦੀਆ ਦਿਖਾਈ ॥੪॥੧॥ ਪ੍ਰਭਾਤੀ ਮਹਲਾ ੩ ॥ ਨਿਰਗੁਣੀਆਰੇ ਕਉ ਬਖਸਿ ਲੈ ਸੁਆਮੀ ਆਪੇ ਲੈਹੁ ਮਿਲਾਈ ॥ ਤੂ ਬਿਅੰਤੁ ਤੇਰਾ ਅੰਤੁ ਨ ਪਾਇਆ ਸਬਦੇ ਦੇਹੁ ਬੁਝਾਈ ॥੧॥ ਹਰਿ ਜੀਉ ਤੁਧੁ ਵਿਟਹੁ ਬਲਿ ਜਾਈ ॥ ਤਨੁ ਮਨੁ ਅਰਪੀ ਤੁਧੁ ਆਗੈ ਰਾਖਉ ਸਦਾ ਰਹਾਂ ਸਰਣਾਈ ॥੧॥ ਰਹਾਉ ॥ ਆਪਣੇ ਭਾਣੇ ਵਿਚਿ ਸਦਾ ਰਖੁ ਸੁਆਮੀ ਹਰਿ ਨਾਮੋ ਦੇਹਿ ਵਡਿਆਈ ॥ ਪੂਰੇ ਗੁਰ ਤੇ ਭਾਣਾ ਜਾਪੈ ਅਨਦਿਨੁ ਸਹਜਿ ਸਮਾਈ ॥੨॥ ਤੇਰੈ ਭਾਣੈ ਭਗਤਿ ਜੇ ਤੁਧੁ ਭਾਵੈ ਆਪੇ ਬਖਸਿ ਮਿਲਾਈ ॥ ਤੇਰੈ ਭਾਣੈ ਸਦਾ ਸੁਖੁ ਪਾਇਆ ਗੁਰਿ ਤ੍ਰਿਸਨਾ ਅਗਨਿ ਬੁਝਾਈ ॥੩॥ ਜੋ ਤੂ ਕਰਹਿ ਸੁ ਹੋਵੈ ਕਰਤੇ ਅਵਰੁ ਨ ਕਰਣਾ ਜਾਈ ॥ ਨਾਨਕ ਨਾਵੈ ਜੇਵਡੁ ਅਵਰੁ ਨ ਦਾਤਾ ਪੂਰੇ ਗੁਰ ਤੇ ਪਾਈ ॥੪॥੨॥ ਪ੍ਰਭਾਤੀ ਮਹਲਾ ੩ ॥ ਗੁਰਮੁਖਿ ਹਰਿ ਸਾਲਾਹਿਆ ਜਿੰਨਾ ਤਿਨ ਸਲਾਹਿ ਹਰਿ ਜਾਤਾ ॥ ਵਿਚਹੁ ਭਰਮੁ ਗਇਆ ਹੈ ਦੂਜਾ ਗੁਰ ਕੈ ਸਬਦਿ ਪਛਾਤਾ ॥੧॥ ਹਰਿ ਜੀਉ ਤੂ ਮੇਰਾ ਇਕੁ ਸੋਈ ॥ ਤੁਧੁ ਜਪੀ ਤੁਧੈ ਸਾਲਾਹੀ ਗਤਿ ਮਤਿ ਤੁਝ ਤੇ ਹੋਈ ॥੧॥ ਰਹਾਉ ॥ ਗੁਰਮੁਖਿ ਸਾਲਾਹਨਿ ਸੇ ਸਾਦੁ ਪਾਇਨਿ ਮੀਠਾ ਅੰਮ੍ਰਿਤੁ ਸਾਰੁ ॥ ਸਦਾ ਮੀਠਾ ਕਦੇ ਨ ਫੀਕਾ ਗੁਰ ਸਬਦੀ ਵੀਚਾਰੁ ॥੨॥ ਜਿਨਿ ਮੀਠਾ ਲਾਇਆ ਸੋਈ ਜਾਣੈ ਤਿਸੁ ਵਿਟਹੁ ਬਲਿ ਜਾਈ ॥ ਸਬਦਿ ਸਲਾਹੀ ਸਦਾ ਸੁਖਦਾਤਾ ਵਿਚਹੁ ਆਪੁ ਗਵਾਈ ॥੩॥ ਸਤਿਗੁਰੁ ਮੇਰਾ ਸਦਾ ਹੈ ਦਾਤਾ ਜੋ ਇਛੈ ਸੋ ਫਲੁ ਪਾਏ ॥ ਨਾਨਕ ਨਾਮੁ ਮਿਲੈ ਵਡਿਆਈ ਗੁਰ ਸਬਦੀ ਸਚੁ ਪਾਏ ॥੪॥੩॥ ਪ੍ਰਭਾਤੀ ਮਹਲਾ ੩ ॥ ਜੋ ਤੇਰੀ ਸਰਣਾਈ ਹਰਿ ਜੀਉ ਤਿਨ ਤੂ ਰਾਖਨ ਜੋਗੁ ॥ ਤੁਧੁ ਜੇਵਡੁ ਮੈ ਅਵਰੁ ਨ ਸੂਝੈ ਨਾ ਕੋ ਹੋਆ ਨ ਹੋਗੁ ॥੧॥ ਹਰਿ ਜੀਉ ਸਦਾ ਤੇਰੀ ਸਰਣਾਈ ॥ ਜਿਉ ਭਾਵੈ ਤਿਉ ਰਾਖਹੁ ਮੇਰੇ ਸੁਆਮੀ ਏਹ ਤੇਰੀ ਵਡਿਆਈ ॥੧॥ ਰਹਾਉ ॥ ਜੋ ਤੇਰੀ ਸਰਣਾਈ ਹਰਿ ਜੀਉ ਤਿਨ ਕੀ

ਕਰਹਿ ਪ੍ਰਤਿਪਾਲ ॥ ਆਪਿ ਕ੍ਰਿਪਾ ਕਰਿ ਰਾਖਹੁ ਹਰਿ ਜੀਉ ਪੋਹਿ ਨ ਸਕੈ ਜਮਕਾਲੁ ॥੨॥ ਤੇਰੀ ਸਰਣਾਈ ਸਚੀ ਹਰਿ ਜੀਉ ਨਾ ਓਹ ਘਟੈ ਨ ਜਾਇ ॥ ਜੋ ਹਰਿ ਛੋਡਿ ਦੂਜੈ ਭਾਇ ਲਾਗੈ ਓਹੁ ਜੰਮੈ ਤੈ ਮਰਿ ਜਾਇ ॥੩॥ ਜੋ ਤੇਰੀ ਸਰਣਾਈ ਹਰਿ ਜੀਉ ਤਿਨਾ ਦੂਖ ਭੂਖ ਕਿਛੁ ਨਾਹਿ ॥ ਨਾਨਕ ਨਾਮੁ ਸਲਾਹਿ ਸਦਾ ਤੂ ਸਚੈ ਸਬਦਿ ਸਮਾਹਿ ॥੪॥੪॥ ਪ੍ਰਭਾਤੀ ਮਹਲਾ ੩ ॥ ਗੁਰਮੁਖਿ ਹਰਿ ਜੀਉ ਸਦਾ ਧਿਆਵਹੁ ਜਬ ਲਗੁ ਜੀਅ ਪਰਾਨ ॥ ਗੁਰ ਸਬਦੀ ਮਨੁ ਨਿਰਮਲੁ ਹੋਆ ਚੂਕਾ ਮਨਿ ਅਭਿਮਾਨੁ ॥ ਸਫਲੁ ਜਨਮੁ ਤਿਸੁ ਪ੍ਰਾਨੀ ਕੇਰਾ ਹਰਿ ਕੈ ਨਾਮਿ ਸਮਾਨ ॥੧॥ ਮੇਰੇ ਮਨ ਗੁਰ ਕੀ ਸਿਖ ਸੁਣੀਜੈ ॥ ਹਰਿ ਕਾ ਨਾਮੁ ਸਦਾ ਸੁਖਦਾਤਾ ਸਹਜੇ ਹਰਿ ਰਸੁ ਪੀਜੈ ॥੧॥ ਰਹਾਉ ॥ ਮੂਲੁ ਪਛਾਣਨਿ ਤਿਨ ਨਿਜ ਘਰਿ ਵਾਸਾ ਸਹਜੇ ਹੀ ਸੁਖੁ ਹੋਈ ॥ ਗੁਰ ਕੈ ਸਬਦਿ ਕਮਲੁ ਪਰਗਾਸਿਆ ਹਉਮੈ ਦੁਰਮਤਿ ਖੋਈ ॥ ਸਭਨਾ ਮਹਿ ਏਕੋ ਸਚੁ ਵਰਤੈ ਵਿਰਲਾ ਬੂਝੈ ਕੋਈ ॥੨॥ ਗੁਰਮਤੀ ਮਨੁ ਨਿਰਮਲੁ ਹੋਆ ਅੰਮ੍ਰਿਤੁ ਤਤੁ ਵਖਾਨੈ ॥ ਹਰਿ ਕਾ ਨਾਮੁ ਸਦਾ ਮਨਿ ਵਸਿਆ ਵਿਚਿ ਮਨ ਹੀ ਮਨੁ ਮਾਨੈ ॥ ਸਦ ਬਲਿਹਾਰੀ ਗੁਰ ਅਪੁਨੇ ਵਿਟਹੁ ਜਿਤੁ ਆਤਮ ਰਾਮੁ ਪਛਾਨੈ ॥੩॥ ਮਾਨਸ ਜਨਮਿ ਸਤਿਗੁਰੂ ਨ ਸੇਵਿਆ ਬਿਰਥਾ ਜਨਮੁ ਗਵਾਇਆ ॥ ਨਦਰਿ ਕਰੇ ਤਾਂ ਸਤਿਗੁਰੁ ਮੇਲੇ ਸਹਜੇ ਸਹਜਿ ਸਮਾਇਆ ॥ ਨਾਨਕ ਨਾਮੁ ਮਿਲੈ ਵਡਿਆਈ ਪੂਰੈ ਭਾਗਿ ਧਿਆਇਆ ॥੪॥੫॥ ਪ੍ਰਭਾਤੀ ਮਹਲਾ ੩ ॥ ਆਪੇ ਭਾਂਤਿ ਬਣਾਏ ਬਹੁ ਰੰਗੀ ਸਿਸਟਿ ਉਪਾਇ ਪ੍ਰਭਿ ਖੇਲੁ ਕੀਆ ॥ ਕਰਿ ਕਰਿ ਵੇਖੈ ਕਰੇ ਕਰਾਏ ਸਰਬ ਜੀਆ ਨੋ ਰਿਜਕੁ ਦੀਆ ॥੧॥ ਕਲੀ ਕਾਲ ਮਹਿ ਰਵਿਆ ਰਾਮੁ ॥ ਘਟਿ ਘਟਿ ਪੂਰਿ ਰਹਿਆ ਪ੍ਰਭੁ ਏਕੋ ਗੁਰਮੁਖਿ ਪਰਗਟੁ ਹਰਿ ਹਰਿ ਨਾਮੁ ॥੧॥ ਰਹਾਉ ॥ ਗੁਪਤਾ ਨਾਮੁ ਵਰਤੈ ਵਿਚਿ ਕਲਜੁਗਿ ਘਟਿ ਘਟਿ ਹਰਿ ਭਰਪੂਰਿ ਰਹਿਆ ॥ ਨਾਮੁ ਰਤਨੁ ਤਿਨਾ ਹਿਰਦੈ ਪ੍ਰਗਟਿਆ ਜੋ ਗੁਰ ਸਰਣਾਈ ਭਜਿ ਪਇਆ ॥੨॥ ਇੰਦ੍ਰੀ ਪੰਚ ਪੰਚੇ ਵਸਿ ਆਣੈ ਖਿਮਾ ਸੰਤੋਖੁ ਗੁਰਮਤਿ ਪਾਵੈ ॥ ਸੋ ਧਨੁ ਧਨੁ ਹਰਿ ਜਨੁ ਵਡ ਪੂਰਾ ਜੋ ਭੈ ਬੈਰਾਗਿ ਹਰਿ ਗੁਣ ਗਾਵੈ ॥੩॥ ਗੁਰ ਤੇ ਮੁਹੁ ਫੇਰੇ ਜੇ ਕੋਈ ਗੁਰ ਕਾ ਕਹਿਆ ਨ ਚਿਤਿ ਧਰੈ ॥ ਕਰਿ ਆਚਾਰ ਬਹੁ ਸੰਪਉ ਸੰਚੈ ਜੋ ਕਿਛੁ ਕਰੈ ਸੁ ਨਰਕਿ ਪਰੈ ॥੪॥ ਏਕੋ ਸਬਦੁ ਏਕੋ ਪ੍ਰਭੁ ਵਰਤੈ ਸਭ ਏਕਸੁ ਤੇ ਉਤਪਤਿ ਚਲੈ ॥ ਨਾਨਕ ਗੁਰਮੁਖਿ ਮੇਲਿ ਮਿਲਾਏ ਗੁਰਮੁਖਿ ਹਰਿ ਹਰਿ ਜਾਇ ਰਲੈ ॥੫॥੬॥ ਪ੍ਰਭਾਤੀ ਮਹਲਾ ੩ ॥ ਮੇਰੇ ਮਨ ਗੁਰੁ ਅਪਣਾ

ਸਾਲਾਹਿ ॥ ਪੂਰਾ ਭਾਗੁ ਹੋਵੈ ਮੁਖਿ ਮਸਤਕਿ ਸਦਾ ਹਰਿ ਕੇ ਗੁਣ ਗਾਹਿ ॥੧॥ ਰਹਾਉ ॥ ਅੰਮ੍ਰਿਤ ਨਾਮੁ ਭੋਜਨੁ ਹਰਿ ਦੇਇ ॥ ਕੋਟਿ ਮਧੇ ਕੋਈ ਵਿਰਲਾ ਲੇਇ ॥ ਜਿਸ ਨੋ ਅਪਣੀ ਨਦਰਿ ਕਰੇਇ ॥੧॥ ਗੁਰ ਕੇ ਚਰਣ ਮਨ ਮਾਹਿ ਵਸਾਇ ॥ ਦੁਖੁ ਅਨ੍ਹੇਰਾ ਅੰਦਰਹੁ ਜਾਇ ॥ ਆਪੇ ਸਾਚਾ ਲਏ ਮਿਲਾਇ ॥੨॥ ਗੁਰ ਕੀ ਬਾਣੀ ਸਿਉ ਲਾਇ ਪਿਆਰੁ ॥ ਐਥੈ ਓਥੈ ਏਹੁ ਅਧਾਰੁ ॥ ਆਪੇ ਦੇਵੈ ਸਿਰਜਨਹਾਰੁ ॥੩॥ ਸਚਾ ਮਨਾਏ ਅਪਣਾ ਭਾਣਾ ॥ ਸੋਈ ਭਗਤੁ ਸੁਘੜੁ ਸੋੁਜਾਣਾ ॥ ਨਾਨਕੁ ਤਿਸ ਕੈ ਸਦ ਕੁਰਬਾਣਾ ॥੪॥੭॥੧੭॥੭॥੨੪॥

ਪ੍ਰਭਾਤੀ ਮਹਲਾ ੪ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਰਸਕਿ ਰਸਕਿ ਗੁਨ ਗਾਵਹ ਗੁਰਮਤਿ ਲਿਵ ਉਨਮਨਿ ਨਾਮਿ ਲਗਾਨ ॥ ਅੰਮ੍ਰਿਤੁ ਰਸੁ ਪੀਆ ਗੁਰ ਸਬਦੀ ਹਮ ਨਾਮ ਵਿਟਹੁ ਕੁਰਬਾਨ ॥੧॥ ਹਮਰੇ ਜਗਜੀਵਨ ਹਰਿ ਪ੍ਰਾਨ ॥ ਹਰਿ ਊਤਮੁ ਰਿਦ ਅੰਤਰਿ ਭਾਇਓ ਗੁਰਿ ਮੰਤੁ ਦੀਓ ਹਰਿ ਕਾਨ ॥੧॥ ਰਹਾਉ ॥ ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਨਾਮੁ ਵਖਾਨ ॥ ਕਿਤੁ ਬਿਧਿ ਕਿਉ ਪਾਈਐ ਪ੍ਰਭੁ ਅਪੁਨਾ ਮੋ ਕਉ ਕਰਹੁ ਉਪਦੇਸੁ ਹਰਿ ਦਾਨ ॥੨॥ ਸਤਸੰਗਤਿ ਮਹਿ ਹਰਿ ਹਰਿ ਵਸਿਆ ਮਿਲਿ ਸੰਗਤਿ ਹਰਿ ਗੁਨ ਜਾਨ ॥ ਵਡੈ ਭਾਗਿ ਸਤਸੰਗਤਿ ਪਾਈ ਗੁਰੁ ਸਤਿਗੁਰੁ ਪਰਸਿ ਭਗਵਾਨ ॥੩॥ ਗੁਨ ਗਾਵਹ ਪ੍ਰਭ ਅਗਮ ਠਾਕੁਰ ਕੇ ਗੁਨ ਗਾਇ ਰਹੇ ਹੈਰਾਨ ॥ ਜਨ ਨਾਨਕ ਕਉ ਗੁਰਿ ਕਿਰਪਾ ਧਾਰੀ ਹਰਿ ਨਾਮੁ ਦੀਓ ਖਿਨ ਦਾਨ ॥੪॥੧॥ ਪ੍ਰਭਾਤੀ ਮਹਲਾ ੪ ॥ ਉਗਵੈ ਸੂਰੁ ਗੁਰਮੁਖਿ ਹਰਿ ਬੋਲਹਿ ਸਭ ਰੈਨਿ ਸਮ੍ਹਾਲਹਿ ਹਰਿ ਗਾਲ ॥ ਹਮਰੈ ਪ੍ਰਭਿ ਹਮ ਲੋਚ ਲਗਾਈ ਹਮ ਕਰਹ ਪ੍ਰਭੂ ਹਰਿ ਭਾਲ ॥੧॥ ਮੇਰਾ ਮਨੁ ਸਾਧੂ ਧੂਰਿ ਰਵਾਲ ॥ ਹਰਿ ਹਰਿ ਨਾਮੁ ਦ੍ਰਿੜਾਇਓ ਗੁਰਿ ਮੀਠਾ ਗੁਰ ਪਗ ਝਾਰਹ ਹਮ ਬਾਲ ॥੧॥ ਰਹਾਉ ॥ ਸਾਕਤ ਕਉ ਦਿਨੁ ਰੈਨਿ ਅੰਧਾਰੀ ਮੋਹਿ ਫਾਥੇ ਮਾਇਆ ਜਾਲ ॥ ਖਿਨੁ ਪਲੁ ਹਰਿ ਪ੍ਰਭੁ ਰਿਦੈ ਨ ਵਸਿਓ ਰਿਨਿ ਬਾਧੇ ਬਹੁ ਬਿਧਿ ਬਾਲ ॥੨॥ ਸਤਸੰਗਤਿ ਮਿਲਿ ਮਤਿ ਬੁਧਿ ਪਾਈ ਹਉ ਛੂਟੇ ਮਮਤਾ ਜਾਲ ॥ ਹਰਿ ਨਾਮਾ ਹਰਿ ਮੀਠ ਲਗਾਨਾ ਗੁਰਿ ਕੀਏ ਸਬਦਿ ਨਿਹਾਲ ॥੩॥ ਹਮ ਬਾਰਿਕ ਗੁਰ ਅਗਮ ਗੁਸਾਈ ਗੁਰ ਕਰਿ ਕਿਰਪਾ ਪ੍ਰਤਿਪਾਲ ॥ ਬਿਖੁ ਭਉਜਲ ਡੁਬਦੇ ਕਾਢਿ ਲੇਹੁ ਪ੍ਰਭ ਗੁਰ ਨਾਨਕ ਬਾਲ ਗੁਪਾਲ ॥੪॥੨॥ ਪ੍ਰਭਾਤੀ ਮਹਲਾ ੪ ॥ ਇਕੁ

ਖਿਨੁ ਹਰਿ ਪ੍ਰਭਿ ਕਿਰਪਾ ਧਾਰੀ ਗੁਨ ਗਾਏ ਰਸਕ ਰਸੀਕ ॥ ਗਾਵਤ ਸੁਨਤ ਦੋਊ ਭਏ ਮੁਕਤੇ ਜਿਨਾ ਗੁਰਮੁਖਿ ਖਿਨੁ ਹਰਿ ਪੀਕ ॥੧॥ ਮੇਰੈ ਮਨਿ ਹਰਿ ਹਰਿ ਰਾਮ ਨਾਮੁ ਰਸੁ ਟੀਕ ॥ ਗੁਰਮੁਖਿ ਨਾਮੁ ਸੀਤਲ ਜਲੁ ਪਾਇਆ ਹਰਿ ਹਰਿ ਨਾਮੁ ਪੀਆ ਰਸੁ ਝੀਕ ॥੧॥ ਰਹਾਉ ॥ ਜਿਨ ਹਰਿ ਹਿਰਦੈ ਪ੍ਰੀਤਿ ਲਗਾਨੀ ਤਿਨਾ ਮਸਤਕਿ ਊਜਲ ਟੀਕ ॥ ਹਰਿ ਜਨ ਸੋਭਾ ਸਭ ਜਗ ਊਪਰਿ ਜਿਉ ਵਿਚਿ ਉਡਵਾ ਸਸਿ ਕੀਕ ॥੨॥ ਜਿਨ ਹਰਿ ਹਿਰਦੈ ਨਾਮੁ ਨ ਵਸਿਓ ਤਿਨ ਸਭਿ ਕਾਰਜ ਫੀਕ ॥ ਜੈਸੇ ਸੀਗਾਰੁ ਕਰੈ ਦੇਹ ਮਾਨੁਖ ਨਾਮ ਬਿਨਾ ਨਕਟੇ ਨਕ ਕੀਕ ॥੩॥ ਘਟਿ ਘਟਿ ਰਮਈਆ ਰਮਤ ਰਾਮ ਰਾਇ ਸਭ ਵਰਤੈ ਸਭ ਮਹਿ ਈਕ ॥ ਜਨ ਨਾਨਕ ਕਉ ਹਰਿ ਕਿਰਪਾ ਧਾਰੀ ਗੁਰ ਬਚਨ ਧਿਆਇਓ ਘਰੀ ਮੀਕ ॥੪॥੩॥ ਪ੍ਰਭਾਤੀ ਮਹਲਾ ੪ ॥ ਅਗਮ ਦਇਆਲ ਕ੍ਰਿਪਾ ਪ੍ਰਭਿ ਧਾਰੀ ਮੁਖਿ ਹਰਿ ਹਰਿ ਨਾਮੁ ਹਮ ਕਹੇ ॥ ਪਤਿਤ ਪਾਵਨ ਹਰਿ ਨਾਮੁ ਧਿਆਇਓ ਸਭਿ ਕਿਲਬਿਖ ਪਾਪ ਲਹੇ ॥੧॥ ਜਪਿ ਮਨ ਰਾਮ ਨਾਮੁ ਰਵਿ ਰਹੇ ॥ ਦੀਨ ਦਇਆਲੁ ਦੁਖ ਭੰਜਨੁ ਗਾਇਓ ਗੁਰਮਤਿ ਨਾਮੁ ਪਦਾਰਥੁ ਲਹੇ ॥੧॥ ਰਹਾਉ ॥ ਕਾਇਆ ਨਗਰਿ ਨਗਰਿ ਹਰਿ ਬਸਿਓ ਮਤਿ ਗੁਰਮਤਿ ਹਰਿ ਹਰਿ ਸਹੇ ॥ ਸਰੀਰਿ ਸਰੋਵਰਿ ਨਾਮੁ ਹਰਿ ਪ੍ਰਗਟਿਓ ਘਰਿ ਮੰਦਰਿ ਹਰਿ ਪ੍ਰਭੁ ਲਹੇ ॥੨॥ ਜੋ ਨਰ ਭਰਮਿ ਭਰਮਿ ਉਦਿਆਨੇ ਤੇ ਸਾਕਤ ਮੂੜ ਮੁਹੇ ॥ ਜਿਉ ਮ੍ਰਿਗ ਨਾਭਿ ਬਸੈ ਬਾਸੁ ਬਸਨਾ ਭ੍ਰਮਿ ਭ੍ਰਮਿਓ ਝਾਰ ਗਹੇ ॥੩॥ ਤੁਮ ਵਡ ਅਗਮ ਅਗਾਧਿ ਬੋਧਿ ਪ੍ਰਭ ਮਤਿ ਦੇਵਹੁ ਹਰਿ ਪ੍ਰਭ ਲਹੇ ॥ ਜਨ ਨਾਨਕ ਕਉ ਗੁਰਿ ਹਾਥੁ ਸਿਰਿ ਧਰਿਓ ਹਰਿ ਰਾਮ ਨਾਮਿ ਰਵਿ ਰਹੇ ॥੪॥੪॥ ਪ੍ਰਭਾਤੀ ਮਹਲਾ ੪ ॥ ਮਨਿ ਲਾਗੀ ਪ੍ਰੀਤਿ ਰਾਮ ਨਾਮ ਹਰਿ ਹਰਿ ਜਪਿਓ ਹਰਿ ਪ੍ਰਭੁ ਵਡਫਾ ॥ ਸਤਿਗੁਰ ਬਚਨ ਸੁਖਾਨੇ ਹੀਅਰੈ ਹਰਿ ਧਾਰੀ ਹਰਿ ਪ੍ਰਭ ਕ੍ਰਿਪਫਾ ॥੧॥ ਮੇਰੇ ਮਨ ਭਜੁ ਰਾਮ ਨਾਮ ਹਰਿ ਨਿਮਖਫਾ ॥ ਹਰਿ ਹਰਿ ਦਾਨੁ ਦੀਓ ਗੁਰਿ ਪੂਰੈ ਹਰਿ ਨਾਮਾ ਮਨਿ ਤਨਿ ਬਸਫਾ ॥੧॥ ਰਹਾਉ ॥ ਕਾਇਆ ਨਗਰਿ ਵਸਿਓ ਘਰਿ ਮੰਦਰਿ ਜਪਿ ਸੋਭਾ ਗੁਰਮੁਖਿ ਕਰਪਫਾ ॥ ਹਲਤਿ ਪਲਤਿ ਜਨ ਭਏ ਸੁਹੇਲੇ ਮੁਖ ਊਜਲ ਗੁਰਮੁਖਿ ਤਰਫਾ ॥੨॥ ਅਨਭਉ ਹਰਿ ਹਰਿ ਹਰਿ ਲਿਵ ਲਾਗੀ ਹਰਿ ਉਰ ਧਾਰਿਓ ਗੁਰਿ ਨਿਮਖਫਾ ॥ ਕੋਟਿ ਕੋਟਿ ਕੇ ਦੋਖ ਸਭ ਜਨ ਕੇ ਹਰਿ ਦੂਰਿ ਕੀਏ ਇਕ ਪਲਫਾ ॥੩॥ ਤੁਮਰੇ ਜਨ ਤੁਮ ਹੀ ਤੇ ਜਾਨੇ ਪ੍ਰਭ ਜਾਨਿਓ ਜਨ ਤੇ ਮੁਖਫਾ ॥ ਹਰਿ ਹਰਿ ਆਪੁ ਧਰਿਓ ਹਰਿ ਜਨ

ਮਹਿ ਜਨ ਨਾਨਕੁ ਹਰਿ ਪ੍ਰਭੁ ਇਕਫਾ ॥੪॥੫॥ ਪ੍ਰਭਾਤੀ ਮਹਲਾ ੪ ॥ ਗੁਰ ਸਤਿਗੁਰਿ ਨਾਮੁ ਦ੍ਰਿੜਾਇਓ ਹਰਿ ਹਰਿ ਹਮ ਮੁਏ ਜੀਵੇ ਹਰਿ ਜਪਿਭਾ ॥ ਧਨੁ ਧੰਨੁ ਗੁਰੂ ਗੁਰੁ ਸਤਿਗੁਰੁ ਪੂਰਾ ਬਿਖੁ ਡੁਬਦੇ ਬਾਹ ਦੇਇ ਕਢਿਭਾ ॥੧॥ ਜਪਿ ਮਨ ਰਾਮ ਨਾਮੁ ਅਰਧਾਂਭਾ ॥ ਉਪਜੰਪਿ ਉਪਾਇ ਨ ਪਾਈਐ ਕਤਹੂ ਗੁਰਿ ਪੂਰੈ ਹਰਿ ਪ੍ਰਭੁ ਲਾਭਾ ॥੧॥ ਰਹਾਉ ॥ ਰਾਮ ਨਾਮੁ ਰਸੁ ਰਾਮ ਰਸਾਇਣੁ ਰਸੁ ਪੀਆ ਗੁਰਮਤਿ ਰਸਭਾ ॥ ਲੋਹ ਮਨੂਰ ਕੰਚਨੁ ਮਿਲਿ ਸੰਗਤਿ ਹਰਿ ਉਰ ਧਾਰਿਓ ਗੁਰਿ ਹਰਿਭਾ ॥੨॥ ਹਉਮੈ ਬਿਖਿਆ ਨਿਤ ਲੋਭਿ ਲੁਭਾਨੇ ਪੁਤ ਕਲਤ ਮੋਹਿ ਲੁਭਿਭਾ ॥ ਤਿਨ ਪਗ ਸੰਤ ਨ ਸੇਵੇ ਕਬਹੂ ਤੇ ਮਨਮੁਖ ਭੂੰਭਰ ਭਰਭਾ ॥੩॥ ਤੁਮਰੇ ਗੁਨ ਤੁਮ ਹੀ ਪ੍ਰਭ ਜਾਨਹੁ ਹਮ ਪਰੇ ਹਾਰਿ ਤੁਮ ਸਰਨਭਾ ॥ ਜਿਉ ਜਾਨਹੁ ਤਿਉ ਰਾਖਹੁ ਸੁਆਮੀ ਜਨ ਨਾਨਕੁ ਦਾਸੁ ਤੁਮਨਭਾ ॥੪॥੬॥ ਛਕਾ ੧ ॥

## ਪ੍ਰਭਾਤੀ ਬਿਭਾਸ ਪੜਤਾਲ ਮਹਲਾ ੪ ੴ ਸਤਿਗੁਰ ਪ੍ਰਸਾਦਿ ॥

ਜਪਿ ਮਨ ਹਰਿ ਹਰਿ ਨਾਮੁ ਨਿਧਾਨ ॥ ਹਰਿ ਦਰਗਹ ਪਾਵਹਿ ਮਾਨ ॥ ਜਿਨਿ ਜਪਿਆ ਤੇ ਪਾਰਿ ਪਰਾਨ ॥੧॥ ਰਹਾਉ ॥ ਸੁਨਿ ਮਨ ਹਰਿ ਹਰਿ ਨਾਮੁ ਕਰਿ ਧਿਆਨੁ ॥ ਸੁਨਿ ਮਨ ਹਰਿ ਕੀਰਤਿ ਅਠਸਠਿ ਮਜਾਨੁ ॥ ਸੁਨਿ ਮਨ ਗੁਰਮੁਖਿ ਪਾਵਹਿ ਮਾਨੁ ॥੧॥ ਜਪਿ ਮਨ ਪਰਮੇਸੁਰੁ ਪਰਧਾਨੁ ॥ ਖਿਨ ਖੋਵੈ ਪਾਪ ਕੋਟਾਨ ॥ ਮਿਲੁ ਨਾਨਕ ਹਰਿ ਭਗਵਾਨ ॥੨॥੧॥੭॥

## ਪ੍ਰਭਾਤੀ ਮਹਲਾ ੫ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਮਨੁ ਹਰਿ ਕੀਆ ਤਨੁ ਸਭੁ ਸਾਜਿਆ ॥ ਪੰਚ ਤਤ ਰਚਿ ਜੋਤਿ ਨਿਵਾਜਿਆ ॥ ਸਿਹਜਾ ਧਰਤਿ ਬਰਤਨ ਕਉ ਪਾਨੀ ॥ ਨਿਮਖ ਨ ਵਿਸਾਰਹੁ ਸੇਵਹੁ ਸਾਰਿਗਪਾਨੀ ॥੧॥ ਮਨ ਸਤਿਗੁਰੁ ਸੇਵਿ ਹੋਇ ਪਰਮ ਗਤੇ ॥ ਹਰਖ ਸੋਗ ਤੇ ਰਹਹਿ ਨਿਰਾਰਾ ਤਾਂ ਤੂ ਪਾਵਹਿ ਪ੍ਰਾਨਪਤੇ ॥੧॥ ਰਹਾਉ ॥ ਕਾਪੜ ਭੋਗ ਰਸ ਅਨਿਕ ਭੁੰਚਾਏ ॥ ਮਾਤ ਪਿਤਾ ਕੁਟੰਬ ਸਗਲ ਬਨਾਏ ॥ ਰਿਜਕੁ ਸਮਾਹੇ ਜਲਿ ਥਲਿ ਮੀਤ ॥ ਸੋ ਹਰਿ ਸੇਵਹੁ ਨੀਤਾ ਨੀਤ ॥੨॥ ਤਹਾ ਸਖਾਈ ਜਹ ਕੋਇ ਨ ਹੋਵੈ ॥ ਕੋਟਿ ਅਪ੍ਰਾਧ ਇਕ ਖਿਨ ਮਹਿ ਧੋਵੈ ॥ ਦਾਤਿ ਕਰੈ ਨਹੀ ਪਛੋਤਾਵੈ ॥ ਏਕਾ ਬਖਸ ਫਿਰਿ

ਬਹੁਰਿ ਨ ਬੁਲਾਵੈ ॥੩॥ ਕਿਰਤ ਸੰਜੋਗੀ ਪਾਇਆ ਭਾਲਿ ॥ ਸਾਧਸੰਗਤਿ ਮਹਿ ਬਸੇ ਗੁਪਾਲ ॥ ਗੁਰ ਮਿਲਿ ਆਏ ਤੁਮਰੈ ਦੁਆਰ ॥ ਜਨ ਨਾਨਕ ਦਰਸਨੁ ਦੇਹੁ ਮੁਰਾਰਿ ॥੪॥੧॥ ਪ੍ਰਭਾਤੀ ਮਹਲਾ ੫ ॥ ਪ੍ਰਭ ਕੀ ਸੇਵਾ ਜਨ ਕੀ ਸੋਭਾ ॥ ਕਾਮ ਕ੍ਰੋਧ ਮਿਟੇ ਤਿਸੁ ਲੋਭਾ ॥ ਨਾਮੁ ਤੇਰਾ ਜਨ ਕੈ ਭੰਡਾਰਿ ॥ ਗੁਨ ਗਾਵਹਿ ਪ੍ਰਭ ਦਰਸ ਪਿਆਰਿ ॥੧॥ ਤੁਮਰੀ ਭਗਤਿ ਪ੍ਰਭ ਤੁਮਹਿ ਜਨਾਈ ॥ ਕਾਟਿ ਜੇਵਰੀ ਜਨ ਲੀਏ ਛਡਾਈ ॥੧॥ ਰਹਾਉ ॥ ਜੋ ਜਨੁ ਰਾਤਾ ਪ੍ਰਭ ਕੈ ਰੰਗਿ ॥ ਤਿਨਿ ਸੁਖੁ ਪਾਇਆ ਪ੍ਰਭ ਕੈ ਸੰਗਿ ॥ ਜਿਸੁ ਰਸੁ ਆਇਆ ਸੋਈ ਜਾਨੈ ॥ ਪੇਖਿ ਪੇਖਿ ਮਨ ਮਹਿ ਹੈਰਾਨੈ ॥੨॥ ਸੋ ਸੁਖੀਆ ਸਭ ਤੇ ਊਤਮੁ ਸੋਇ ॥ ਜਾ ਕੈ ਹ੍ਰਿਦੈ ਵਸਿਆ ਪ੍ਰਭੁ ਸੋਇ ॥ ਸੋਈ ਨਿਹਚਲੁ ਆਵੈ ਨ ਜਾਇ ॥ ਅਨਦਿਨੁ ਪ੍ਰਭ ਕੇ ਹਰਿ ਗੁਣ ਗਾਇ ॥੩॥ ਤਾ ਕਉ ਕਰਹੁ ਸਗਲ ਨਮਸਕਾਰੁ ॥ ਜਾ ਕੈ ਮਨਿ ਪੂਰਨੁ ਨਿਰੰਕਾਰੁ ॥ ਕਰਿ ਕਿਰਪਾ ਮੋਹਿ ਠਾਕੁਰ ਦੇਵਾ ॥ ਨਾਨਕੁ ਉਧਰੈ ਜਨ ਕੀ ਸੇਵਾ ॥੪॥੨॥ ਪ੍ਰਭਾਤੀ ਮਹਲਾ ੫ ॥ ਗੁਨ ਗਾਵਤ ਮਨਿ ਹੋਇ ਅਨੰਦ ॥ ਆਠ ਪਹਰ ਸਿਮਰਉ ਭਗਵੰਤ ॥ ਜਾ ਕੈ ਸਿਮਰਨਿ ਕਲਮਲ ਜਾਹਿ ॥ ਤਿਸੁ ਗੁਰ ਕੀ ਹਮ ਚਰਨੀ ਪਾਹਿ ॥੧॥ ਸੁਮਤਿ ਦੇਵਹੁ ਸੰਤ ਪਿਆਰੇ ॥ ਸਿਮਰਉ ਨਾਮੁ ਮੋਹਿ ਨਿਸਤਾਰੇ ॥੧॥ ਰਹਾਉ ॥ ਜਿਨਿ ਗੁਰਿ ਕਹਿਆ ਮਾਰਗੁ ਸੀਧਾ ॥ ਸਗਲ ਤਿਆਗਿ ਨਾਮਿ ਹਰਿ ਗੀਧਾ ॥ ਤਿਸੁ ਗੁਰ ਕੈ ਸਦਾ ਬਲਿ ਜਾਈਐ ॥ ਹਰਿ ਸਿਮਰਨੁ ਜਿਸੁ ਗੁਰ ਤੇ ਪਾਈਐ ॥੨॥ ਬੂਡਤ ਪ੍ਰਾਨੀ ਜਿਨਿ ਗੁਰਹਿ ਤਰਾਇਆ ॥ ਜਿਸੁ ਪ੍ਰਸਾਦਿ ਮੋਹੈ ਨਹੀ ਮਾਇਆ ॥ ਹਲਤੁ ਪਲਤੁ ਜਿਨਿ ਗੁਰਹਿ ਸਵਾਰਿਆ ॥ ਤਿਸੁ ਗੁਰ ਊਪਰਿ ਸਦਾ ਹਉ ਵਾਰਿਆ ॥੩॥ ਮਹਾ ਮੁਗਧ ਤੇ ਕੀਆ ਗਿਆਨੀ ॥ ਗੁਰ ਪੂਰੇ ਕੀ ਅਕਥ ਕਹਾਨੀ ॥ ਪਾਰਬ੍ਰਹਮ ਨਾਨਕ ਗੁਰਦੇਵ ॥ ਵਡੈ ਭਾਗਿ ਪਾਈਐ ਹਰਿ ਸੇਵ ॥੪॥੩॥ ਪ੍ਰਭਾਤੀ ਮਹਲਾ ੫ ॥ ਸਗਲੇ ਦੂਖ ਮਿਟੇ ਸੁਖ ਦੀਏ ਅਪਨਾ ਨਾਮੁ ਜਪਾਇਆ ॥ ਕਰਿ ਕਿਰਪਾ ਅਪਨੀ ਸੇਵਾ ਲਾਏ ਸਗਲਾ ਦੁਰਤੁ ਮਿਟਾਇਆ ॥੧॥ ਹਮ ਬਾਰਿਕ ਸਰਨਿ ਪ੍ਰਭ ਦਇਆਲ ॥ ਅਵਗਣ ਕਾਟਿ ਕੀਏ ਪ੍ਰਭਿ ਅਪੁਨੇ ਰਾਖਿ ਲੀਏ ਮੇਰੈ ਗੁਰ ਗੋਪਾਲਿ ॥੧॥ ਰਹਾਉ ॥ ਤਾਪ ਪਾਪ ਬਿਨਸੇ ਖਿਨ ਭੀਤਰਿ ਭਏ ਕ੍ਰਿਪਾਲ ਗੁਸਾਈ ॥ ਸਾਸਿ ਸਾਸਿ ਪਾਰਬ੍ਰਹਮੁ ਅਰਾਧੀ ਅਪੁਨੇ ਸਤਿਗੁਰ ਕੈ ਬਲਿ ਜਾਈ ॥੨॥ ਅਗਮ ਅਗੋਚਰੁ ਬਿਅੰਤੁ ਸੁਆਮੀ ਤਾ ਕਾ ਅੰਤੁ ਨ ਪਾਈਐ ॥ ਲਾਹਾ ਖਾਟਿ ਹੋਈਐ

ਧਨਵੰਤਾ ਅਪੁਨਾ ਪ੍ਰਭੂ ਧਿਆਈਐ ॥੩॥ ਆਠ ਪਹਰ ਪਾਰਬ੍ਰਹਮੁ ਧਿਆਈ ਸਦਾ ਸਦਾ ਗੁਨ ਗਾਇਆ ॥
ਕਹੁ ਨਾਨਕ ਮੇਰੇ ਪੂਰੇ ਮਨੋਰਥ ਪਾਰਬ੍ਰਹਮੁ ਗੁਰੁ ਪਾਇਆ ॥੪॥੪॥ ਪ੍ਰਭਾਤੀ ਮਹਲਾ ੫ ॥ ਸਿਮਰਤ ਨਾਮੁ
ਕਿਲਬਿਖ ਸਭਿ ਨਾਸੇ ॥ ਸਚੁ ਨਾਮੁ ਗੁਰਿ ਦੀਨੀ ਰਾਸੇ ॥ ਪ੍ਰਭ ਕੀ ਦਰਗਹ ਸੋਭਾਵੰਤੇ ॥ ਸੇਵਕ ਸੇਵਿ ਸਦਾ ਸੋਹੰਤੇ
॥੧॥ ਹਰਿ ਹਰਿ ਨਾਮੁ ਜਪਹੁ ਮੇਰੇ ਭਾਈ ॥ ਸਗਲੇ ਰੋਗ ਦੋਖ ਸਭਿ ਬਿਨਸਹਿ ਅਗਿਆਨੁ ਅੰਧੇਰਾ ਮਨ ਤੇ ਜਾਈ
॥੧॥ ਰਹਾਉ ॥ ਜਨਮ ਮਰਨ ਗੁਰਿ ਰਾਖੇ ਮੀਤ ॥ ਹਰਿ ਕੇ ਨਾਮ ਸਿਉ ਲਾਗੀ ਪ੍ਰੀਤਿ ॥ ਕੋਟਿ ਜਨਮ ਕੇ ਗਏ
ਕਲੇਸ ॥ ਜੋ ਤਿਸੁ ਭਾਵੈ ਸੋ ਭਲ ਹੋਸ ॥੨॥ ਤਿਸੁ ਗੁਰ ਕਉ ਹਉ ਸਦ ਬਲਿ ਜਾਈ ॥ ਜਿਸੁ ਪ੍ਰਸਾਦਿ ਹਰਿ ਨਾਮੁ
ਧਿਆਈ ॥ ਐਸਾ ਗੁਰੁ ਪਾਈਐ ਵਡਭਾਗੀ ॥ ਜਿਸੁ ਮਿਲਤੇ ਰਾਮ ਲਿਵ ਲਾਗੀ ॥੩॥ ਕਰਿ ਕਿਰਪਾ ਪਾਰਬ੍ਰਹਮ
ਸੁਆਮੀ ॥ ਸਗਲ ਘਟਾ ਕੇ ਅੰਤਰਜਾਮੀ ॥ ਆਠ ਪਹਰ ਅਪੁਨੀ ਲਿਵ ਲਾਇ ॥ ਜਨੁ ਨਾਨਕੁ ਪ੍ਰਭ ਕੀ ਸਰਨਾਇ
॥੪॥੫॥ ਪ੍ਰਭਾਤੀ ਮਹਲਾ ੫ ॥ ਕਰਿ ਕਿਰਪਾ ਅਪੁਨੇ ਪ੍ਰਭਿ ਕੀਏ ॥ ਹਰਿ ਕਾ ਨਾਮੁ ਜਪਨ ਕਉ ਦੀਏ ॥ ਆਠ
ਪਹਰ ਗੁਨ ਗਾਇ ਗੁਬਿੰਦ ॥ ਭੈ ਬਿਨਸੇ ਉਤਰੀ ਸਭ ਚਿੰਦ ॥੧॥ ਉਬਰੇ ਸਤਿਗੁਰ ਚਰਨੀ ਲਾਗਿ ॥ ਜੋ ਗੁਰੁ
ਕਹੈ ਸੋਈ ਭਲ ਮੀਠਾ ਮਨ ਕੀ ਮਤਿ ਤਿਆਗਿ ॥੧॥ ਰਹਾਉ ॥ ਮਨਿ ਤਨਿ ਵਸਿਆ ਹਰਿ ਪ੍ਰਭੁ ਸੋਈ ॥ ਕਲਿ
ਕਲੇਸ ਕਿਛੁ ਬਿਘਨੁ ਨ ਹੋਈ ॥ ਸਦਾ ਸਦਾ ਪ੍ਰਭੁ ਜੀਅ ਕੈ ਸੰਗਿ ॥ ਉਤਰੀ ਮੈਲੁ ਨਾਮ ਕੈ ਰੰਗਿ ॥੨॥ ਚਰਨ ਕਮਲ
ਸਿਉ ਲਾਗੋ ਪਿਆਰੁ ॥ ਬਿਨਸੇ ਕਾਮ ਕ੍ਰੋਧ ਅਹੰਕਾਰ ॥ ਪ੍ਰਭ ਮਿਲਨ ਕਾ ਮਾਰਗੁ ਜਾਨਾਂ ॥ ਭਾਇ ਭਗਤਿ ਹਰਿ
ਸਿਉ ਮਨੁ ਮਾਨਾਂ ॥੩॥ ਸੁਣਿ ਸਜਣ ਸੰਤ ਮੀਤ ਸੁਹੇਲੇ ॥ ਨਾਮੁ ਰਤਨੁ ਹਰਿ ਅਗਹ ਅਤੋਲੇ ॥ ਸਦਾ ਸਦਾ ਪ੍ਰਭੁ
ਗੁਣ ਨਿਧਿ ਗਾਈਐ ॥ ਕਹੁ ਨਾਨਕ ਵਡਭਾਗੀ ਪਾਈਐ ॥੪॥੬॥ ਪ੍ਰਭਾਤੀ ਮਹਲਾ ੫ ॥ ਸੇ ਧਨਵੰਤ ਸੇਈ
ਸਚੁ ਸਾਹਾ ॥ ਹਰਿ ਕੀ ਦਰਗਹ ਨਾਮੁ ਵਿਸਾਹਾ ॥੧॥ ਹਰਿ ਹਰਿ ਨਾਮੁ ਜਪਹੁ ਮਨ ਮੀਤ ॥ ਗੁਰੁ ਪੂਰਾ ਪਾਈਐ
ਵਡਭਾਗੀ ਨਿਰਮਲ ਪੂਰਨ ਰੀਤਿ ॥੧॥ ਰਹਾਉ ॥ ਪਾਇਆ ਲਾਭੁ ਵਜੀ ਵਾਧਾਈ ॥ ਸੰਤ ਪ੍ਰਸਾਦਿ ਹਰਿ ਕੇ
ਗੁਨ ਗਾਈ ॥੨॥ ਸਫਲ ਜਨਮੁ ਜੀਵਨ ਪਰਵਾਣੁ ॥ ਗੁਰ ਪਰਸਾਦੀ ਹਰਿ ਰੰਗੁ ਮਾਣੁ ॥੩॥ ਬਿਨਸੇ ਕਾਮ ਕ੍ਰੋਧ
ਅਹੰਕਾਰ ॥ ਨਾਨਕ ਗੁਰਮੁਖਿ ਉਤਰਹਿ ਪਾਰਿ ॥੪॥੭॥ ਪ੍ਰਭਾਤੀ ਮਹਲਾ ੫ ॥ ਗੁਰੁ ਪੂਰਾ ਪੂਰੀ ਤਾ ਕੀ ਕਲਾ ॥

ਗੁਰ ਕਾ ਸਬਦੁ ਸਦਾ ਸਦ ਅਟਲਾ ॥ ਗੁਰ ਕੀ ਬਾਣੀ ਜਿਸੁ ਮਨਿ ਵਸੈ ॥ ਦੂਖੁ ਦਰਦੁ ਸਭੁ ਤਾ ਕਾ ਨਸੈ ॥੧॥ ਹਰਿ ਰੰਗਿ ਰਾਤਾ ਮਨੁ ਰਾਮ ਗੁਨ ਗਾਵੈ ॥ ਮੁਕਤੋੁ ਸਾਧੂ ਧੂਰੀ ਨਾਵੈ ॥੧॥ ਰਹਾਉ ॥ ਗੁਰ ਪਰਸਾਦੀ ਉਤਰੇ ਪਾਰਿ ॥ ਭਉ ਭਰਮੁ ਬਿਨਸੇ ਬਿਕਾਰ ॥ ਮਨ ਤਨ ਅੰਤਰਿ ਬਸੇ ਗੁਰ ਚਰਨਾ ॥ ਨਿਰਭੈ ਸਾਧ ਪਰੇ ਹਰਿ ਸਰਨਾ ॥੨॥ ਅਨਦ ਸਹਜ ਰਸ ਸੂਖ ਘਨੇਰੇ ॥ ਦੁਸਮਨੁ ਦੂਖੁ ਨ ਆਵੈ ਨੇਰੇ ॥ ਗੁਰਿ ਪੂਰੈ ਅਪੁਨੇ ਕਰਿ ਰਾਖੇ ॥ ਹਰਿ ਨਾਮੁ ਜਪਤ ਕਿਲਬਿਖ ਸਭਿ ਲਾਥੇ ॥੩॥ ਸੰਤ ਸਾਜਨ ਸਿਖ ਭਏ ਸੁਹੇਲੇ ॥ ਗੁਰਿ ਪੂਰੈ ਪ੍ਰਭ ਸਿਉ ਲੈ ਮੇਲੇ ॥ ਜਨਮ ਮਰਨ ਦੁਖ ਫਾਹਾ ਕਾਟਿਆ ॥ ਕਹੁ ਨਾਨਕ ਗੁਰਿ ਪੜਦਾ ਢਾਕਿਆ ॥੪॥੮॥ ਪ੍ਰਭਾਤੀ ਮਹਲਾ ੫ ॥ ਸਤਿਗੁਰਿ ਪੂਰੈ ਨਾਮੁ ਦੀਆ ॥ ਅਨਦ ਮੰਗਲ ਕਲਿਆਣ ਸਦਾ ਸੁਖੁ ਕਾਰਜੁ ਸਗਲਾ ਰਾਸਿ ਥੀਆ ॥੧॥ ਰਹਾਉ ॥ ਚਰਨ ਕਮਲ ਗੁਰ ਕੇ ਮਨਿ ਵੂਠੇ ॥ ਦੂਖ ਦਰਦ ਭ੍ਰਮ ਬਿਨਸੇ ਝੂਠੇ ॥੧॥ ਨਿਤ ਉਠਿ ਗਾਵਹੁ ਪ੍ਰਭ ਕੀ ਬਾਣੀ ॥ ਆਠ ਪਹਰ ਹਰਿ ਸਿਮਰਹੁ ਪ੍ਰਾਣੀ ॥੨॥ ਘਰਿ ਬਾਹਰਿ ਪ੍ਰਭੁ ਸਭਨੀ ਥਾਈ ॥ ਸੰਗਿ ਸਹਾਈ ਜਹ ਹਉ ਜਾਈ ॥੩॥ ਦੁਇ ਕਰ ਜੋੜਿ ਕਰੀ ਅਰਦਾਸਿ ॥ ਸਦਾ ਜਪੇ ਨਾਨਕੁ ਗੁਣਤਾਸੁ ॥੪॥੯॥ ਪ੍ਰਭਾਤੀ ਮਹਲਾ ੫ ॥ ਪਾਰਬ੍ਰਹਮੁ ਪ੍ਰਭੁ ਸੁਘੜ ਸੁਜਾਣੁ ॥ ਗੁਰੁ ਪੂਰਾ ਪਾਈਐ ਵਡਭਾਗੀ ਦਰਸਨ ਕਉ ਜਾਈਐ ਕੁਰਬਾਣੁ ॥੧॥ ਰਹਾਉ ॥ ਕਿਲਬਿਖ ਮੇਟੇ ਸਬਦਿ ਸੰਤੋਖੁ ॥ ਨਾਮੁ ਅਰਾਧਨ ਹੋਆ ਜੋਗੁ ॥ ਸਾਧਸੰਗਿ ਹੋਆ ਪਰਗਾਸੁ ॥ ਚਰਨ ਕਮਲ ਮਨ ਮਾਹਿ ਨਿਵਾਸੁ ॥੧॥ ਜਿਨਿ ਕੀਆ ਤਿਨਿ ਲੀਆ ਰਾਖਿ ॥ ਪ੍ਰਭੁ ਪੂਰਾ ਅਨਾਥ ਕਾ ਨਾਥੁ ॥ ਜਿਸਹਿ ਨਿਵਾਜੇ ਕਿਰਪਾ ਧਾਰਿ ॥ ਪੂਰਨ ਕਰਮ ਤਾ ਕੇ ਆਚਾਰ ॥੨॥ ਗੁਣ ਗਾਵੈ ਨਿਤ ਨਿਤ ਨਿਤ ਨਵੇ ॥ ਲਖ ਚਉਰਾਸੀਹ ਜੋਨਿ ਨ ਭਵੇ ॥ ਈਹਾਂ ਊਹਾਂ ਚਰਣ ਪੂਜਾਰੇ ॥ ਮੁਖੁ ਊਜਲੁ ਸਾਚੇ ਦਰਬਾਰੇ ॥੩॥ ਜਿਸੁ ਮਸਤਕਿ ਗੁਰਿ ਧਰਿਆ ਹਾਥੁ ॥ ਕੋਟਿ ਮਧੇ ਕੋ ਵਿਰਲਾ ਦਾਸੁ ॥ ਜਲਿ ਥਲਿ ਮਹੀਅਲਿ ਪੇਖੈ ਭਰਪੂਰਿ ॥ ਨਾਨਕ ਉਧਰਸਿ ਤਿਸੁ ਜਨ ਕੀ ਧੂਰਿ ॥੪॥੧੦॥ ਪ੍ਰਭਾਤੀ ਮਹਲਾ ੫ ॥ ਕੁਰਬਾਣੁ ਜਾਈ ਗੁਰ ਪੂਰੇ ਅਪਨੇ ॥ ਜਿਸੁ ਪ੍ਰਸਾਦਿ ਹਰਿ ਹਰਿ ਜਪੁ ਜਪਨੇ ॥੧॥ ਰਹਾਉ ॥ ਅੰਮ੍ਰਿਤ ਬਾਣੀ ਸੁਣਤ ਨਿਹਾਲ ॥ ਬਿਨਸਿ ਗਏ ਬਿਖਿਆ ਜੰਜਾਲ ॥੧॥ ਸਾਚ ਸਬਦ ਸਿਉ ਲਾਗੀ ਪ੍ਰੀਤਿ ॥ ਹਰਿ ਪ੍ਰਭੁ ਅਪੁਨਾ ਆਇਆ ਚੀਤਿ ॥੨॥ ਨਾਮੁ ਜਪਤ ਹੋਆ

ਪਰਗਾਸੁ ॥ ਗੁਰ ਸਬਦੇ ਕੀਨਾ ਰਿਦੈ ਨਿਵਾਸੁ ॥੩॥ ਗੁਰ ਸਮਰਥ ਸਦਾ ਦਇਆਲ ॥ ਹਰਿ ਜਪਿ ਜਪਿ ਨਾਨਕ ਭਏ ਨਿਹਾਲ ॥੪॥੧੧॥ ਪ੍ਰਭਾਤੀ ਮਹਲਾ ੫ ॥ ਗੁਰੁ ਗੁਰੁ ਕਰਤ ਸਦਾ ਸੁਖੁ ਪਾਇਆ ॥ ਦੀਨ ਦਇਆਲ ਭਏ ਕਿਰਪਾਲਾ ਅਪਣਾ ਨਾਮੁ ਆਪਿ ਜਪਾਇਆ ॥੧॥ ਰਹਾਉ ॥ ਸੰਤਸੰਗਤਿ ਮਿਲਿ ਭਇਆ ਪ੍ਰਗਾਸ ॥ ਹਰਿ ਹਰਿ ਜਪਤ ਪੂਰਨ ਭਈ ਆਸ ॥੧॥ ਸਰਬ ਕਲਿਆਣ ਸੂਖ ਮਨਿ ਵੂਠੇ ॥ ਹਰਿ ਗੁਣ ਗਾਏ ਗੁਰ ਨਾਨਕ ਤੂਠੇ ॥੨॥੧੨॥

ਪ੍ਰਭਾਤੀ ਮਹਲਾ ੫ ਘਰੁ ੨ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਅਵਰੁ ਨ ਦੂਜਾ ਠਾਉ ॥ ਨਾਹੀ ਬਿਨੁ ਹਰਿ ਨਾਉ ॥ ਸਰਬ ਸਿਧਿ ਕਲਿਆਨ ॥ ਪੂਰਨ ਹੋਹਿ ਸਗਲ ਕਾਮ ॥੧॥ ਹਰਿ ਕੋ ਨਾਮੁ ਜਪੀਐ ਨੀਤ ॥ ਕਾਮ ਕ੍ਰੋਧ ਅਹੰਕਾਰੁ ਬਿਨਸੈ ਲਗੈ ਏਕੈ ਪ੍ਰੀਤਿ ॥੧॥ ਰਹਾਉ ॥ ਨਾਮਿ ਲਾਗੈ ਦੂਖੁ ਭਾਗੈ ਸਰਨਿ ਪਾਲਨ ਜੋਗੁ ॥ ਸਤਿਗੁਰੁ ਭੇਟੈ ਜਮੁ ਨ ਤੇਟੈ ਜਿਸੁ ਧੁਰਿ ਹੋਵੈ ਸੰਜੋਗੁ ॥੨॥ ਰੈਨਿ ਦਿਨਸੁ ਧਿਆਇ ਹਰਿ ਹਰਿ ਤਜਹੁ ਮਨ ਕੇ ਭਰਮ ॥ ਸਾਧਸੰਗਤਿ ਹਰਿ ਮਿਲੈ ਜਿਸਹਿ ਪੂਰਨ ਕਰਮ ॥੩॥ ਜਨਮ ਜਨਮ ਬਿਖਾਦ ਬਿਨਸੇ ਰਾਖਿ ਲੀਨੇ ਆਪਿ ॥ ਮਾਤ ਪਿਤਾ ਮੀਤ ਭਾਈ ਜਨ ਨਾਨਕ ਹਰਿ ਹਰਿ ਜਾਪਿ ॥੪॥੧॥੧੩॥

ਪ੍ਰਭਾਤੀ ਮਹਲਾ ੫ ਬਿਭਾਸ ਪੜਤਾਲ ੴ ਸਤਿਗੁਰ ਪ੍ਰਸਾਦਿ ॥

ਰਮ ਰਾਮ ਰਾਮ ਰਾਮ ਜਾਪ ॥ ਕਲਿ ਕਲੇਸ ਲੋਭ ਮੋਹ ਬਿਨਸਿ ਜਾਇ ਅਹੰ ਤਾਪ ॥੧॥ ਰਹਾਉ ॥ ਆਪੁ ਤਿਆਗਿ ਸੰਤ ਚਰਨ ਲਾਗਿ ਮਨੁ ਪਵਿਤੁ ਜਾਹਿ ਪਾਪ ॥੧॥ ਨਾਨਕੁ ਬਾਰਿਕੁ ਕਛੂ ਨ ਜਾਨੈ ਰਾਖਨ ਕਉ ਪ੍ਰਭੁ ਮਾਈ ਬਾਪ ॥੨॥੧॥੧੪॥ ਪ੍ਰਭਾਤੀ ਮਹਲਾ ੫ ॥ ਚਰਨ ਕਮਲ ਸਰਨਿ ਟੇਕ ॥ ਊਚ ਮੂਚ ਬੇਅੰਤੁ ਠਾਕੁਰੁ ਸਰਬ ਊਪਰਿ ਤੁਹੀ ਏਕ ॥੧॥ ਰਹਾਉ ॥ ਪ੍ਰਾਨ ਅਧਾਰ ਦੁਖ ਬਿਦਾਰ ਦੈਨਹਾਰ ਬੁਧਿ ਬਿਬੇਕ ॥੧॥ ਨਮਸਕਾਰ ਰਖਨਹਾਰ ਮਨਿ ਅਰਾਧਿ ਪ੍ਰਭੂ ਮੇਕ ॥ ਸੰਤ ਰੇਨੁ ਕਰਉ ਮਜਨੁ ਨਾਨਕ ਪਾਵੈ ਸੁਖ ਅਨੇਕ ॥੨॥੨॥੧੫॥

ਪ੍ਰਭਾਤੀ ਅਸਟਪਦੀਆ ਮਹਲਾ ੧ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਦੁਬਿਧਾ ਬਉਰੀ ਮਨੁ ਬਉਰਾਇਆ ॥ ਝੂਠੈ ਲਾਲਚਿ ਜਨਮੁ ਗਵਾਇਆ ॥ ਲਪਟਿ ਰਹੀ ਫੁਨਿ ਬੰਧੁ ਨ ਪਾਇਆ ॥ ਸਤਿਗੁਰਿ ਰਾਖੇ ਨਾਮੁ ਦ੍ਰਿੜਾਇਆ ॥੧॥ ਨਾ ਮਨੁ ਮਰੈ ਨ ਮਾਇਆ ਮਰੈ ॥ ਜਿਨਿ ਕਿਛੁ ਕੀਆ ਸੋਈ ਜਾਣੈ ਸਬਦੁ ਵੀਚਾਰਿ ਭਉ ਸਾਗਰੁ ਤਰੈ ॥੧॥ ਰਹਾਉ ॥ ਮਾਇਆ ਸੰਚਿ ਰਾਜੇ ਅਹੰਕਾਰੀ ॥ ਮਾਇਆ ਸਾਥਿ ਨ ਚਲੈ ਪਿਆਰੀ ॥ ਮਾਇਆ ਮਮਤਾ ਹੈ ਬਹੁ ਰੰਗੀ ॥ ਬਿਨੁ ਨਾਵੈ ਕੋ ਸਾਥਿ ਨ ਸੰਗੀ ॥੨॥ ਜਿਉ ਮਨੁ ਦੇਖਹਿ ਪਰ ਮਨੁ ਤੈਸਾ ॥ ਜੈਸੀ ਮਨਸਾ ਤੈਸੀ ਦਸਾ ॥ ਜੈਸਾ ਕਰਮੁ ਤੈਸੀ ਲਿਵ ਲਾਵੈ ॥ ਸਤਿਗੁਰੁ ਪੂਛਿ ਸਹਜ ਘਰੁ ਪਾਵੈ ॥੩॥ ਰਾਗਿ ਨਾਦਿ ਮਨੁ ਦੂਜੈ ਭਾਇ ॥ ਅੰਤਰਿ ਕਪਟੁ ਮਹਾ ਦੁਖੁ ਪਾਇ ॥ ਸਤਿਗੁਰੁ ਭੇਟੈ ਸੋਝੀ ਪਾਇ ॥ ਸਚੈ ਨਾਮਿ ਰਹੈ ਲਿਵ ਲਾਇ ॥੪॥ ਸਚੈ ਸਬਦਿ ਸਚੁ ਕਮਾਵੈ ॥ ਸਚੀ ਬਾਣੀ ਹਰਿ ਗੁਣ ਗਾਵੈ ॥ ਨਿਜ ਘਰਿ ਵਾਸੁ ਅਮਰ ਪਦੁ ਪਾਵੈ ॥ ਤਾ ਦਰਿ ਸਾਚੈ ਸੋਭਾ ਪਾਵੈ ॥੫॥ ਗੁਰ ਸੇਵਾ ਬਿਨੁ ਭਗਤਿ ਨ ਹੋਈ ॥ ਅਨੇਕ ਜਤਨ ਕਰੈ ਜੇ ਕੋਈ ॥ ਹਉਮੈ ਮੇਰਾ ਸਬਦੇ ਖੋਈ ॥ ਨਿਰਮਲ ਨਾਮੁ ਵਸੈ ਮਨਿ ਸੋਈ ॥੬॥ ਇਸੁ ਜਗ ਮਹਿ ਸਬਦੁ ਕਰਣੀ ਹੈ ਸਾਰੁ ॥ ਬਿਨੁ ਸਬਦੈ ਹੋਰੁ ਮੋਹੁ ਗੁਬਾਰੁ ॥ ਸਬਦੇ ਨਾਮੁ ਰਖੈ ਉਰਿ ਧਾਰਿ ॥ ਸਬਦੇ ਗਤਿ ਮਤਿ ਮੋਖ ਦੁਆਰੁ ॥੭॥ ਅਵਰੁ ਨਾਹੀ ਕਰਿ ਦੇਖਣਹਾਰੋ ॥ ਸਾਚਾ ਆਪਿ ਅਨੂਪੁ ਅਪਾਰੋ ॥ ਰਾਮ ਨਾਮ ਊਤਮ ਗਤਿ ਹੋਈ ॥ ਨਾਨਕ ਖੋਜਿ ਲਹੈ ਜਨੁ ਕੋਈ ॥੮॥੧॥ ਪ੍ਰਭਾਤੀ ਮਹਲਾ ੧ ॥ ਮਾਇਆ ਮੋਹਿ ਸਗਲ ਜਗੁ ਛਾਇਆ ॥ ਕਾਮਣਿ ਦੇਖਿ ਕਾਮਿ ਲੋਭਾਇਆ ॥ ਸੁਤ ਕੰਚਨ ਸਿਉ ਹੇਤੁ ਵਧਾਇਆ ॥ ਸਭੁ ਕਿਛੁ ਅਪਨਾ ਇਕੁ ਰਾਮੁ ਪਰਾਇਆ ॥੧॥ ਐਸਾ ਜਾਪੁ ਜਪਉ ਜਪਮਾਲੀ ॥ ਦੁਖ ਸੁਖ ਪਰਹਰਿ ਭਗਤਿ ਨਿਰਾਲੀ ॥੧॥ ਰਹਾਉ ॥ ਗੁਣ ਨਿਧਾਨ ਤੇਰਾ ਅੰਤੁ ਨ ਪਾਇਆ ॥ ਸਾਚ ਸਬਦਿ ਤੁਝ ਮਾਹਿ ਸਮਾਇਆ ॥ ਆਵਾ ਗਉਣੁ ਤੁਧੁ ਆਪਿ ਰਚਾਇਆ ॥ ਸੇਈ ਭਗਤ ਜਿਨ ਸਚਿ ਚਿਤੁ ਲਾਇਆ ॥੨॥ ਗਿਆਨੁ ਧਿਆਨੁ ਨਰਹਰਿ ਨਿਰਬਾਣੀ ॥ ਬਿਨੁ ਸਤਿਗੁਰ ਭੇਟੇ ਕੋਇ ਨ ਜਾਣੀ ॥ ਸਗਲ ਸਰੋਵਰ ਜੋਤਿ ਸਮਾਣੀ ॥ ਆਨਦ ਰੂਪ ਵਿਟਹੁ ਕੁਰਬਾਣੀ ॥੩॥ ਭਾਉ ਭਗਤਿ ਗੁਰਮਤੀ ਪਾਏ ॥ ਹਉਮੈ ਵਿਚਹੁ ਸਬਦਿ ਜਲਾਏ ॥

ਧਾਵਤੁ ਰਾਖੈ ਠਾਕਿ ਰਹਾਏ ॥ ਸਚਾ ਨਾਮੁ ਮੰਨਿ ਵਸਾਏ ॥੪॥ ਬਿਸਮ ਬਿਨੋਦ ਰਹੇ ਪਰਮਾਦੀ ॥ ਗੁਰਮਤਿ ਮਾਨਿਆ ਏਕ ਲਿਵ ਲਾਗੀ ॥ ਦੇਖਿ ਨਿਵਾਰਿਆ ਜਲ ਮਹਿ ਆਗੀ ॥ ਸੋ ਬੂਝੈ ਹੋਵੈ ਵਡਭਾਗੀ ॥੫॥ ਸਤਿਗੁਰੁ ਸੇਵੇ ਭਰਮੁ ਚੁਕਾਏ ॥ ਅਨਦਿਨੁ ਜਾਗੈ ਸਚਿ ਲਿਵ ਲਾਏ ॥ ਏਕੋ ਜਾਣੈ ਅਵਰੁ ਨ ਕੋਇ ॥ ਸੁਖਦਾਤਾ ਸੇਵੇ ਨਿਰਮਲੁ ਹੋਇ ॥੬॥ ਸੇਵਾ ਸੁਰਤਿ ਸਬਦਿ ਵੀਚਾਰਿ ॥ ਜਪੁ ਤਪੁ ਸੰਜਮੁ ਹਉਮੈ ਮਾਰਿ ॥ ਜੀਵਨ ਮੁਕਤੁ ਜਾ ਸਬਦੁ ਸੁਣਾਏ ॥ ਸਚੀ ਰਹਤ ਸਚਾ ਸੁਖੁ ਪਾਏ ॥੭॥ ਸੁਖਦਾਤਾ ਦੁਖੁ ਮੇਟਣਹਾਰਾ ॥ ਅਵਰੁ ਨ ਸੂਝਸਿ ਬੀਜੀ ਕਾਰਾ ॥ ਤਨੁ ਮਨੁ ਧਨੁ ਹਰਿ ਆਗੈ ਰਾਖਿਆ ॥ ਨਾਨਕੁ ਕਹੈ ਮਹਾ ਰਸੁ ਚਾਖਿਆ ॥੮॥੨॥ ਪ੍ਰਭਾਤੀ ਮਹਲਾ ੧ ॥ ਨਿਵਲੀ ਕਰਮ ਭੁਅੰਗਮ ਭਾਠੀ ਰੇਚਕ ਪੂਰਕ ਕੁੰਭ ਕਰੈ ॥ ਬਿਨੁ ਸਤਿਗੁਰ ਕਿਛੁ ਸੋਝੀ ਨਾਹੀ ਭਰਮੇ ਭੂਲਾ ਬੂਡਿ ਮਰੈ ॥ ਅੰਧਾ ਭਰਿਆ ਭਰਿ ਭਰਿ ਧੋਵੈ ਅੰਤਰ ਕੀ ਮਲੁ ਕਦੇ ਨ ਲਹੈ ॥ ਨਾਮ ਬਿਨਾ ਫੋਕਟ ਸਭਿ ਕਰਮਾ ਜਿਉ ਬਾਜੀਗਰੁ ਭਰਮਿ ਭੁਲੈ ॥੧॥ ਖਟੁ ਕਰਮ ਨਾਮੁ ਨਿਰੰਜਨੁ ਸੋਈ ॥ ਤੂ ਗੁਣ ਸਾਗਰੁ ਅਵਗੁਣ ਮੋਹੀ ॥੧॥ ਰਹਾਉ ॥ ਮਾਇਆ ਧੰਧਾ ਧਾਵਣੀ ਦੁਰਮਤਿ ਕਾਰ ਬਿਕਾਰ ॥ ਮੂਰਖੁ ਆਪੁ ਗਣਾਇਦਾ ਬੂਝਿ ਨ ਸਕੈ ਕਾਰ ॥ ਮਨਸਾ ਮਾਇਆ ਮੋਹਣੀ ਮਨਮੁਖ ਬੋਲ ਖੁਆਰ ॥ ਮਜਨੁ ਝੂਠਾ ਚੰਡਾਲ ਕਾ ਫੋਕਟ ਚਾਰ ਸੀਂਗਾਰ ॥੨॥ ਝੂਠੀ ਮਨ ਕੀ ਮਤਿ ਹੈ ਕਰਣੀ ਬਾਦਿ ਬਿਬਾਦੁ ॥ ਝੂਠੇ ਵਿਚਿ ਅਹੰਕਰਣੁ ਹੈ ਖਸਮ ਨ ਪਾਵੈ ਸਾਦੁ ॥ ਬਿਨੁ ਨਾਵੈ ਹੋਰੁ ਕਮਾਵਣਾ ਫਿਕਾ ਆਵੈ ਸਾਦੁ ॥ ਦੁਸਟੀ ਸਭਾ ਵਿਗੁਚੀਐ ਬਿਖੁ ਵਾਤੀ ਜੀਵਣ ਬਾਦਿ ॥੩॥ ਏ ਭ੍ਰਮਿ ਭੂਲੇ ਮਰਹੁ ਨ ਕੋਈ ॥ ਸਤਿਗੁਰੁ ਸੇਵਿ ਸਦਾ ਸੁਖੁ ਹੋਈ ॥ ਬਿਨੁ ਸਤਿਗੁਰ ਮੁਕਤਿ ਕਿਨੈ ਨ ਪਾਈ ॥ ਆਵਹਿ ਜਾਂਹਿ ਮਰਹਿ ਮਰਿ ਜਾਈ ॥੪॥ ਏਹੁ ਸਰੀਰੁ ਹੈ ਤ੍ਰੈ ਗੁਣ ਧਾਤੁ ॥ ਇਸ ਨੋ ਵਿਆਪੈ ਸੋਗ ਸੰਤਾਪੁ ॥ ਸੋ ਸੇਵਹੁ ਜਿਸੁ ਮਾਈ ਨ ਬਾਪੁ ॥ ਵਿਚਹੁ ਚੂਕੈ ਤਿਸਨਾ ਅਰੁ ਆਪੁ ॥੫॥ ਜਹ ਜਹ ਦੇਖਾ ਤਹ ਤਹ ਸੋਈ ॥ ਬਿਨੁ ਸਤਿਗੁਰ ਭੇਟੇ ਮੁਕਤਿ ਨ ਹੋਈ ॥ ਹਿਰਦੈ ਸਚੁ ਏਹ ਕਰਣੀ ਸਾਰੁ ॥ ਹੋਰੁ ਸਭੁ ਪਾਖੰਡੁ ਪੂਜ ਖੁਆਰੁ ॥੬॥ ਦੁਬਿਧਾ ਚੂਕੈ ਤਾਂ ਸਬਦੁ ਪਛਾਣੁ ॥ ਘਰਿ ਬਾਹਰਿ ਏਕੋ ਕਰਿ ਜਾਣੁ ॥ ਏਹਾ ਮਤਿ ਸਬਦੁ ਹੈ ਸਾਰੁ ॥ ਵਿਚਿ ਦੁਬਿਧਾ ਮਾਥੈ ਪਵੈ ਛਾਰੁ ॥੭॥ ਕਰਣੀ ਕੀਰਤਿ ਗੁਰਮਤਿ ਸਾਰੁ ॥ ਸੰਤ ਸਭਾ ਗੁਣ ਗਿਆਨੁ ਬੀਚਾਰੁ ॥ ਮਨੁ ਮਾਰੇ ਜੀਵਤ ਮਰਿ ਜਾਣੁ ॥ ਨਾਨਕ ਨਦਰੀ ਨਦਰਿ ਪਛਾਣੁ ॥੮॥੩॥

ਪ੍ਰਭਾਤੀ ਮਹਲਾ ੧ ਦਖਣੀ ॥ ਗੋਤਮੁ ਤਪਾ ਅਹਿਲਿਆ ਇਸਤ੍ਰੀ ਤਿਸੁ ਦੇਖਿ ਇੰਦ੍ਰੁ ਲੁਭਾਇਆ ॥ ਸਹਸ ਸਰੀਰ ਚਿਹਨ ਭਗ ਹੂਏ ਤਾ ਮਨਿ ਪਛੋਤਾਇਆ ॥੧॥ ਕੋਈ ਜਾਣਿ ਨ ਭੂਲੈ ਭਾਈ ॥ ਸੋ ਭੂਲੈ ਜਿਸੁ ਆਪਿ ਭੁਲਾਏ ਬੂਝੈ ਜਿਸੈ ਬੁਝਾਈ ॥੧॥ ਰਹਾਉ ॥ ਤਿਨਿ ਹਰੀ ਚੰਦਿ ਪ੍ਰਿਥਮੀ ਪਤਿ ਰਾਜੈ ਕਾਗਦਿ ਕੀਮ ਨ ਪਾਈ ॥ ਅਉਗਣੁ ਜਾਣੈ ਤ ਪੁੰਨ ਕਰੇ ਕਿਉ ਕਿਉ ਨੇਖਾਸਿ ਬਿਕਾਈ ॥੨॥ ਕਰਉ ਅਢਾਈ ਧਰਤੀ ਮਾਂਗੀ ਬਾਵਨ ਰੂਪਿ ਬਹਾਨੈ ॥ ਕਿਉ ਪਇਆਲਿ ਜਾਇ ਕਿਉ ਛਲੀਐ ਜੇ ਬਲਿ ਰੂਪੁ ਪਛਾਨੈ ॥੩॥ ਰਾਜਾ ਜਨਮੇਜਾ ਦੇ ਮਤੀ ਬਰਜਿ ਬਿਆਸਿ ਪੜ੍ਹਾਇਆ ॥ ਤਿਨ੍ਹ੍ਹਿ ਕਰਿ ਜਗ ਅਠਾਰਹ ਘਾਏ ਕਿਰਤੁ ਨ ਚਲੈ ਚਲਾਇਆ ॥੪॥ ਗਣਤ ਨ ਗਣੀ ਹੁਕਮੁ ਪਛਾਣਾ ਬੋਲੀ ਭਾਇ ਸੁਭਾਈ ॥ ਜੋ ਕਿਛੁ ਵਰਤੈ ਤੁਧੈ ਸਲਾਹੀ ਸਭ ਤੇਰੀ ਵਡਿਆਈ ॥੫॥ ਗੁਰਮੁਖਿ ਅਲਿਪਤੁ ਲੇਪੁ ਕਦੇ ਨ ਲਾਗੈ ਸਦਾ ਰਹੈ ਸਰਣਾਈ ॥ ਮਨਮੁਖੁ ਮੁਗਧੁ ਆਗੈ ਚੇਤੈ ਨਾਹੀ ਦੁਖਿ ਲਾਗੈ ਪਛੁਤਾਈ ॥੬॥ ਆਪੇ ਕਰੇ ਕਰਾਏ ਕਰਤਾ ਜਿਨਿ ਏਹ ਰਚਨਾ ਰਚੀਐ ॥ ਹਰਿ ਅਭਿਮਾਨੁ ਨ ਜਾਈ ਜੀਅਹੁ ਅਭਿਮਾਨੇ ਪੈ ਪਚੀਐ ॥੭॥ ਭੁਲਣ ਵਿਚਿ ਕੀਆ ਸਭੁ ਕੋਈ ਕਰਤਾ ਆਪਿ ਨ ਭੁਲੈ ॥ ਨਾਨਕ ਸਚਿ ਨਾਮਿ ਨਿਸਤਾਰਾ ਕੋ ਗੁਰ ਪਰਸਾਦਿ ਅਘੁਲੈ ॥੮॥੪॥ ਪ੍ਰਭਾਤੀ ਮਹਲਾ ੧ ॥ ਆਖਣਾ ਸੁਨਣਾ ਨਾਮੁ ਅਧਾਰੁ ॥ ਧੰਧਾ ਛੁਟਕਿ ਗਇਆ ਵੇਕਾਰੁ ॥ ਜਿਉ ਮਨਮੁਖਿ ਦੂਜੈ ਪਤਿ ਖੋਈ ॥ ਬਿਨੁ ਨਾਵੈ ਮੈ ਅਵਰੁ ਨ ਕੋਈ ॥੧॥ ਸੁਣਿ ਮਨ ਅੰਧੇ ਮੂਰਖ ਗਵਾਰ ॥ ਆਵਤ ਜਾਤ ਲਾਜ ਨਹੀ ਲਾਗੈ ਬਿਨੁ ਗੁਰ ਬੂਡੈ ਬਾਰੋ ਬਾਰ ॥੧॥ ਰਹਾਉ ॥ ਇਸੁ ਮਨ ਮਾਇਆ ਮੋਹਿ ਬਿਨਾਸੁ ॥ ਧੁਰਿ ਹੁਕਮੁ ਲਿਖਿਆ ਤਾਂ ਕਹੀਐ ਕਾਸੁ ॥ ਗੁਰਮੁਖਿ ਵਿਰਲਾ ਚੀਨ੍ਹੈ ਕੋਈ ॥ ਨਾਮ ਬਿਹੂਨਾ ਮੁਕਤਿ ਨ ਹੋਈ ॥੨॥ ਭ੍ਰਮਿ ਭ੍ਰਮਿ ਡੋਲੈ ਲਖ ਚਉਰਾਸੀ ॥ ਬਿਨੁ ਗੁਰ ਬੂਝੇ ਜਮ ਕੀ ਫਾਸੀ ॥ ਇਹੁ ਮਨੂਆ ਖਿਨੁ ਖਿਨੁ ਊਭਿ ਪਇਆਲਿ ॥ ਗੁਰਮੁਖਿ ਛੂਟੈ ਨਾਮੁ ਸਮ੍ਹਾਲਿ ॥੩॥ ਆਪੇ ਸਦੇ ਢਿਲ ਨ ਹੋਇ ॥ ਸਬਦਿ ਮਰੈ ਸਹਿਲਾ ਜੀਵੈ ਸੋਇ ॥ ਬਿਨੁ ਗੁਰ ਸੋਝੀ ਕਿਸੈ ਨ ਹੋਇ ॥ ਆਪੇ ਕਰੈ ਕਰਾਵੈ ਸੋਇ ॥੪॥ ਝਗੜੁ ਚੁਕਾਵੈ ਹਰਿ ਗੁਣ ਗਾਵੈ ॥ ਪੂਰਾ ਸਤਿਗੁਰੁ ਸਹਜਿ ਸਮਾਵੈ ॥ ਇਹੁ ਮਨੁ ਡੋਲਤ ਤਉ ਠਹਰਾਵੈ ॥ ਸਚੁ ਕਰਣੀ ਕਰਿ ਕਾਰ ਕਮਾਵੈ ॥੫॥ ਅੰਤਰਿ ਜੂਠਾ ਕਿਉ ਸੁਚਿ ਹੋਇ ॥ ਸਬਦੀ ਧੋਵੈ ਵਿਰਲਾ ਕੋਇ ॥ ਗੁਰਮੁਖਿ ਕੋਈ ਸਚੁ ਕਮਾਵੈ ॥ ਆਵਣੁ ਜਾਣਾ ਠਾਕਿ ਰਹਾਵੈ

॥੬॥ ਭਉ ਖਾਣਾ ਪੀਣਾ ਸੁਖੁ ਸਾਰੁ ॥ ਹਰਿ ਜਨ ਸੰਗਤਿ ਪਾਵੈ ਪਾਰੁ ॥ ਸਚੁ ਬੋਲੈ ਬੋਲਾਵੈ ਪਿਆਰੁ ॥ ਗੁਰ ਕਾ ਸਬਦੁ ਕਰਣੀ ਹੈ ਸਾਰੁ ॥੭॥ ਹਰਿ ਜਸੁ ਕਰਮੁ ਧਰਮੁ ਪਤਿ ਪੂਜਾ ॥ ਕਾਮ ਕ੍ਰੋਧ ਅਗਨੀ ਮਹਿ ਭੂੰਜਾ ॥ ਹਰਿ ਰਸੁ ਚਾਖਿਆ ਤਉ ਮਨੁ ਭੀਜਾ ॥ ਪ੍ਰਣਵਤਿ ਨਾਨਕੁ ਅਵਰੁ ਨ ਦੂਜਾ ॥੮॥੫॥ ਪ੍ਰਭਾਤੀ ਮਹਲਾ ੧ ॥ ਰਾਮ ਨਾਮੁ ਜਪਿ ਅੰਤਰਿ ਪੂਜਾ ॥ ਗੁਰ ਸਬਦੁ ਵੀਚਾਰਿ ਅਵਰੁ ਨਹੀ ਦੂਜਾ ॥੧॥ ਏਕੋ ਰਵਿ ਰਹਿਆ ਸਭ ਠਾਈ ॥ ਅਵਰੁ ਨ ਦੀਸੈ ਕਿਸੁ ਪੂਜ ਚੜਾਈ ॥੧॥ ਰਹਾਉ ॥ ਮਨੁ ਤਨੁ ਆਗੈ ਜੀਅੜਾ ਤੁਝ ਪਾਸਿ ॥ ਜਿਉ ਭਾਵੈ ਤਿਉ ਰਖਹੁ ਅਰਦਾਸਿ ॥੨॥ ਸਚੁ ਜਿਹਵਾ ਹਰਿ ਰਸਨ ਰਸਾਈ ॥ ਗੁਰਮਤਿ ਛੂਟਸਿ ਪ੍ਰਭ ਸਰਣਾਈ ॥੩॥ ਕਰਮ ਧਰਮ ਪ੍ਰਭਿ ਮੇਰੈ ਕੀਏ ॥ ਨਾਮੁ ਵਡਾਈ ਸਿਰਿ ਕਰਮਾਂ ਕੀਏ ॥੪॥ ਸਤਿਗੁਰ ਕੈ ਵਸਿ ਚਾਰਿ ਪਦਾਰਥ ॥ ਤੀਨਿ ਸਮਾਏ ਏਕ ਕ੍ਰਿਤਾਰਥ ॥੫॥ ਸਤਿਗੁਰਿ ਦੀਏ ਮੁਕਤਿ ਧਿਆਨਾਂ ॥ ਹਰਿ ਪਦੁ ਚੀਨਿ੍ ਭਏ ਪਰਧਾਨਾ ॥੬॥ ਮਨੁ ਤਨੁ ਸੀਤਲੁ ਗੁਰਿ ਬੂਝ ਬੁਝਾਈ ॥ ਪ੍ਰਭੁ ਨਿਵਾਜੇ ਕਿਨਿ ਕੀਮਤਿ ਪਾਈ ॥੭॥ ਕਹੁ ਨਾਨਕ ਗੁਰਿ ਬੂਝ ਬੁਝਾਈ ॥ ਨਾਮ ਬਿਨਾ ਗਤਿ ਕਿਨੈ ਨ ਪਾਈ ॥੮॥੬॥ ਪ੍ਰਭਾਤੀ ਮਹਲਾ ੧ ॥ ਇਕਿ ਧੁਰਿ ਬਖਸਿ ਲਏ ਗੁਰਿ ਪੂਰੈ ਸਚੀ ਬਣਤ ਬਣਾਈ ॥ ਹਰਿ ਰੰਗ ਰਾਤੇ ਸਦਾ ਰੰਗੁ ਸਾਚਾ ਦੁਖ ਬਿਸਰੇ ਪਤਿ ਪਾਈ ॥੧॥ ਝੂਠੀ ਦੁਰਮਤਿ ਕੀ ਚਤੁਰਾਈ ॥ ਬਿਨਸਤ ਬਾਰ ਨ ਲਾਗੈ ਕਾਈ ॥੧॥ ਰਹਾਉ ॥ ਮਨਮੁਖ ਕਉ ਦੁਖੁ ਦਰਦੁ ਵਿਆਪਸਿ ਮਨਮੁਖਿ ਦੁਖੁ ਨ ਜਾਈ ॥ ਸੁਖ ਦੁਖ ਦਾਤਾ ਗੁਰਮੁਖਿ ਜਾਤਾ ਮੇਲਿ ਲਏ ਸਰਣਾਈ ॥੨॥ ਮਨਮੁਖ ਤੇ ਅਭ ਭਗਤਿ ਨ ਹੋਵਸਿ ਹਉਮੈ ਪਚਹਿ ਦਿਵਾਨੇ ॥ ਇਹੁ ਮਨੂਆ ਖਿਨੁ ਊਭਿ ਪਇਆਲੀ ਜਬ ਲਗਿ ਸਬਦ ਨ ਜਾਨੇ ॥੩॥ ਭੂਖ ਪਿਆਸਾ ਜਗੁ ਭਇਆ ਤਿਪਤਿ ਨਹੀ ਬਿਨੁ ਸਤਿਗੁਰ ਪਾਏ ॥ ਸਹਜੈ ਸਹਜੁ ਮਿਲੈ ਸੁਖੁ ਪਾਈਐ ਦਰਗਹ ਪੈਧਾ ਜਾਏ ॥੪॥ ਦਰਗਹ ਦਾਨਾ ਬੀਨਾ ਇਕੁ ਆਪੇ ਨਿਰਮਲ ਗੁਰ ਕੀ ਬਾਣੀ ॥ ਆਪੇ ਸੁਰਤਾ ਸਚੁ ਵੀਚਾਰਸਿ ਆਪੇ ਬੂਝੈ ਪਦੁ ਨਿਰਬਾਣੀ ॥੫॥ ਜਲੁ ਤਰੰਗ ਅਗਨੀ ਪਵਨੈ ਫੁਨਿ ਤ੍ਰੈ ਮਿਲਿ ਜਗਤੁ ਉਪਾਇਆ ॥ ਐਸਾ ਬਲੁ ਛਲੁ ਤਿਨ ਕਉ ਦੀਆ ਹੁਕਮੀ ਠਾਕਿ ਰਹਾਇਆ ॥੬॥ ਐਸੇ ਜਨ ਵਿਰਲੇ ਜਗ ਅੰਦਰਿ ਪਰਖਿ ਖਜਾਨੈ ਪਾਇਆ ॥ ਜਾਤਿ ਵਰਨ ਤੇ ਭਏ ਅਤੀਤਾ ਮਮਤਾ ਲੋਭੁ ਚੁਕਾਇਆ ॥੭॥ ਨਾਮਿ ਰਤੇ ਤੀਰਥ ਸੇ ਨਿਰਮਲ ਦੁਖੁ ਹਉਮੈ ਮੈਲੁ ਚੁਕਾਇਆ ॥ ਨਾਨਕੁ ਤਿਨ ਕੇ ਚਰਨ ਪਖਾਲੈ

ਜਿਨਾ ਗੁਰਮੁਖਿ ਸਾਚਾ ਭਾਇਆ ॥੮॥੭॥

ਪ੍ਰਭਾਤੀ ਮਹਲਾ ੩ ਬਿਭਾਸ ੴ ਸਤਿਗੁਰ ਪ੍ਰਸਾਦਿ ॥

ਗੁਰ ਪਰਸਾਦੀ ਵੇਖੁ ਤੂ ਹਰਿ ਮੰਦਰੁ ਤੇਰੈ ਨਾਲਿ ॥ ਹਰਿ ਮੰਦਰੁ ਸਬਦੇ ਖੋਜੀਐ ਹਰਿ ਨਾਮੋ ਲੇਹੁ ਸਮ੍ਹ੍ਹਾਲਿ ॥੧॥ ਮਨ ਮੇਰੇ ਸਬਦਿ ਰਪੈ ਰੰਗੁ ਹੋਇ ॥ ਸਚੀ ਭਗਤਿ ਸਚਾ ਹਰਿ ਮੰਦਰੁ ਪ੍ਰਗਟੀ ਸਾਚੀ ਸੋਇ ॥੧॥ ਰਹਾਉ ॥ ਹਰਿ ਮੰਦਰੁ ਏਹੁ ਸਰੀਰੁ ਹੈ ਗਿਆਨਿ ਰਤਨਿ ਪਰਗਟੁ ਹੋਇ ॥ ਮਨਮੁਖ ਮੂਲੁ ਨ ਜਾਣਨੀ ਮਾਣਸਿ ਹਰਿ ਮੰਦਰੁ ਨ ਹੋਇ ॥੨॥ ਹਰਿ ਮੰਦਰੁ ਹਰਿ ਜੀਉ ਸਾਜਿਆ ਰਖਿਆ ਹੁਕਮਿ ਸਵਾਰਿ ॥ ਧੁਰਿ ਲੇਖੁ ਲਿਖਿਆ ਸੁ ਕਮਾਵਣਾ ਕੋਇ ਨ ਮੇਟਣਹਾਰੁ ॥੩॥ ਸਬਦੁ ਚੀਨਿ੍ਹ੍ਹ ਸੁਖੁ ਪਾਇਆ ਸਚੈ ਨਾਇ ਪਿਆਰ ॥ ਹਰਿ ਮੰਦਰੁ ਸਬਦੇ ਸੋਹਣਾ ਕੰਚਨੁ ਕੋਟੁ ਅਪਾਰ ॥੪॥ ਹਰਿ ਮੰਦਰੁ ਏਹੁ ਜਗਤੁ ਹੈ ਗੁਰ ਬਿਨੁ ਘੋਰੰਧਾਰ ॥ ਦੂਜਾ ਭਾਉ ਕਰਿ ਪੂਜਦੇ ਮਨਮੁਖ ਅੰਧ ਗਵਾਰ ॥੫॥ ਜਿਥੈ ਲੇਖਾ ਮੰਗੀਐ ਤਿਥੈ ਦੇਹ ਜਾਤਿ ਨ ਜਾਇ ॥ ਸਾਚਿ ਰਤੇ ਸੇ ਉਬਰੇ ਦੁਖੀਏ ਦੂਜੈ ਭਾਇ ॥੬॥ ਹਰਿ ਮੰਦਰ ਮਹਿ ਨਾਮੁ ਨਿਧਾਨੁ ਹੈ ਨਾ ਬੂਝਹਿ ਮੁਗਧ ਗਵਾਰ ॥ ਗੁਰ ਪਰਸਾਦੀ ਚੀਨਿ੍ਹ੍ਹਆ ਹਰਿ ਰਾਖਿਆ ਉਰਿ ਧਾਰਿ ॥੭॥ ਗੁਰ ਕੀ ਬਾਣੀ ਗੁਰ ਤੇ ਜਾਤੀ ਜਿ ਸਬਦਿ ਰਤੇ ਰੰਗੁ ਲਾਇ ॥ ਪਵਿਤੁ ਪਾਵਨ ਸੇ ਜਨ ਨਿਰਮਲ ਹਰਿ ਕੈ ਨਾਮਿ ਸਮਾਇ ॥੮॥ ਹਰਿ ਮੰਦਰੁ ਹਰਿ ਕਾ ਹਾਟੁ ਹੈ ਰਖਿਆ ਸਬਦਿ ਸਵਾਰਿ ॥ ਤਿਸੁ ਵਿਚਿ ਸਉਦਾ ਏਕੁ ਨਾਮੁ ਗੁਰਮੁਖਿ ਲੈਨਿ ਸਵਾਰਿ ॥੯॥ ਹਰਿ ਮੰਦਰ ਮਹਿ ਮਨੁ ਲੋਹਟੁ ਹੈ ਮੋਹਿਆ ਦੂਜੈ ਭਾਇ ॥ ਪਾਰਸਿ ਭੇਟਿਐ ਕੰਚਨੁ ਭਇਆ ਕੀਮਤਿ ਕਹੀ ਨ ਜਾਇ ॥੧੦॥ ਹਰਿ ਮੰਦਰ ਮਹਿ ਹਰਿ ਵਸੈ ਸਰਬ ਨਿਰੰਤਰਿ ਸੋਇ ॥ ਨਾਨਕ ਗੁਰਮੁਖਿ ਵਣਜੀਐ ਸਚਾ ਸਉਦਾ ਹੋਇ ॥੧੧॥੧॥ ਪ੍ਰਭਾਤੀ ਮਹਲਾ ੩ ॥ ਭੈ ਭਾਇ ਜਾਗੇ ਸੇ ਜਨ ਜਾਗ੍ਰਣ ਕਰਹਿ ਹਉਮੈ ਮੈਲੁ ਉਤਾਰਿ ॥ ਸਦਾ ਜਾਗਹਿ ਘਰੁ ਅਪਣਾ ਰਾਖਹਿ ਪੰਚ ਤਸਕਰ ਕਾਢਹਿ ਮਾਰਿ ॥੧॥ ਮਨ ਮੇਰੇ ਗੁਰਮੁਖਿ ਨਾਮੁ ਧਿਆਇ ॥ ਜਿਤੁ ਮਾਰਗਿ ਹਰਿ ਪਾਈਐ ਮਨ ਸੇਈ ਕਰਮ ਕਮਾਇ ॥੧॥ ਰਹਾਉ ॥ ਗੁਰਮੁਖਿ ਸਹਜ ਧੁਨਿ ਊਪਜੈ ਦੁਖੁ ਹਉਮੈ ਵਿਚਹੁ ਜਾਇ ॥ ਹਰਿ ਨਾਮਾ ਹਰਿ ਮਨਿ ਵਸੈ ਸਹਜੇ ਹਰਿ ਗੁਣ ਗਾਇ ॥੨॥ ਗੁਰਮਤੀ ਮੁਖ ਸੋਹਣੇ ਹਰਿ ਰਾਖਿਆ ਉਰਿ ਧਾਰਿ ॥ ਐਥੈ ਓਥੈ ਸੁਖੁ ਘਣਾ ਜਪਿ ਹਰਿ ਹਰਿ ਉਤਰੇ ਪਾਰਿ

॥੩॥ ਹਉਮੈ ਵਿਚਿ ਜਾਗਣੁ ਨ ਹੋਵਈ ਹਰਿ ਭਗਤਿ ਨ ਪਵਈ ਥਾਇ ॥ ਮਨਮੁਖ ਦਰਿ ਢੋਈ ਨਾ ਲਹਹਿ ਭਾਇ ਦੂਜੈ ਕਰਮ ਕਮਾਇ ॥੪॥ ਧ੍ਰਿਗੁ ਖਾਣਾ ਧ੍ਰਿਗੁ ਪੈਨ੍ਣਾ ਜਿਨ੍ਾ ਦੂਜੈ ਭਾਇ ਪਿਆਰੁ ॥ ਬਿਸਟਾ ਕੇ ਕੀੜੇ ਬਿਸਟਾ ਰਾਤੇ ਮਰਿ ਜੰਮਹਿ ਹੋਹਿ ਖੁਆਰੁ ॥੫॥ ਜਿਨ ਕਉ ਸਤਿਗੁਰੁ ਭੇਟਿਆ ਤਿਨਾ ਵਿਟਹੁ ਬਲਿ ਜਾਉ ॥ ਤਿਨ ਕੀ ਸੰਗਤਿ ਮਿਲਿ ਰਹਾਂ ਸਚੇ ਸਚਿ ਸਮਾਉ ॥੬॥ ਪੂਰੈ ਭਾਗਿ ਗੁਰੁ ਪਾਈਐ ਉਪਾਇ ਕਿਤੈ ਨ ਪਾਇਆ ਜਾਇ ॥ ਸਤਿਗੁਰ ਤੇ ਸਹਜੁ ਊਪਜੈ ਹਉਮੈ ਸਬਦਿ ਜਲਾਇ ॥੭॥ ਹਰਿ ਸਰਣਾਈ ਭਜੁ ਮਨ ਮੇਰੇ ਸਭ ਕਿਛੁ ਕਰਣੈ ਜੋਗੁ ॥ ਨਾਨਕ ਨਾਮੁ ਨ ਵੀਸਰੈ ਜੋ ਕਿਛੁ ਕਰੈ ਸੁ ਹੋਗੁ ॥੮॥੨॥੭॥੨॥੯॥

ਬਿਭਾਸ ਪ੍ਰਭਾਤੀ ਮਹਲਾ ੫ ਅਸਟਪਦੀਆ ੴ ਸਤਿਗੁਰ ਪ੍ਰਸਾਦਿ ॥

ਮਾਤ ਪਿਤਾ ਭਾਈ ਸੁਤੁ ਬਨਿਤਾ ॥ ਚੂਗਹਿ ਚੋਗ ਅਨੰਦ ਸਿਉ ਜੁਗਤਾ ॥ ਉਰਝਿ ਪਰਿਓ ਮਨ ਮੀਠ ਮੋੁਹਾਰਾ ॥ ਗੁਨ ਗਾਹਕ ਮੇਰੇ ਪ੍ਰਾਨ ਅਧਾਰਾ ॥੧॥ ਏਕੁ ਹਮਾਰਾ ਅੰਤਰਜਾਮੀ ॥ ਧਰ ਏਕਾ ਮੈ ਟਿਕ ਏਕਸੁ ਕੀ ਸਿਰਿ ਸਾਹਾ ਵਡ ਪੁਰਖੁ ਸੁਆਮੀ ॥੧॥ ਰਹਾਉ ॥ ਛਲ ਨਾਗਨਿ ਸਿਉ ਮੇਰੀ ਟੂਟਨਿ ਹੋਈ ॥ ਗੁਰਿ ਕਹਿਆ ਇਹ ਝੂਠੀ ਧੋਹੀ ॥ ਮੁਖਿ ਮੀਠੀ ਖਾਈ ਕਉਰਾਇ ॥ ਅੰਮ੍ਰਿਤ ਨਾਮਿ ਮਨੁ ਰਹਿਆ ਅਘਾਇ ॥੨॥ ਲੋਭ ਮੋਹ ਸਿਉ ਗਈ ਵਿਖੋਟਿ ॥ ਗੁਰਿ ਕ੍ਰਿਪਾਲਿ ਮੋਹਿ ਕੀਨੀ ਛੋਟਿ ॥ ਇਹ ਠਗਵਾਰੀ ਬਹੁਤੁ ਘਰ ਗਾਲੇ ॥ ਹਮ ਗੁਰਿ ਰਾਖਿ ਲੀਏ ਕਿਰਪਾਲੇ ॥੩॥ ਕਾਮ ਕ੍ਰੋਧ ਸਿਉ ਠਾਟੁ ਨ ਬਨਿਆ ॥ ਗੁਰ ਉਪਦੇਸੁ ਮੋਹਿ ਕਾਨੀ ਸੁਨਿਆ ॥ ਜਹ ਦੇਖਉ ਤਹ ਮਹਾ ਚੰਡਾਲ ॥ ਰਾਖਿ ਲੀਏ ਅਪੁਨੈ ਗੁਰਿ ਗੋਪਾਲ ॥੪॥ ਦਸ ਨਾਰੀ ਮੈ ਕਰੀ ਦੁਹਾਗਨਿ ॥ ਗੁਰਿ ਕਹਿਆ ਏਹ ਰਸਹਿ ਬਿਖਾਗਨਿ ॥ ਇਨ ਸਨਬੰਧੀ ਰਸਾਤਲਿ ਜਾਇ ॥ ਹਮ ਗੁਰਿ ਰਾਖੇ ਹਰਿ ਲਿਵ ਲਾਇ ॥੫॥ ਅਹੰਮੇਵ ਸਿਉ ਮਸਲਤਿ ਛੋਡੀ ॥ ਗੁਰਿ ਕਹਿਆ ਇਹੁ ਮੂਰਖੁ ਹੋਡੀ ॥ ਇਹੁ ਨੀਘਰੁ ਘਰੁ ਕਹੀ ਨ ਪਾਏ ॥ ਹਮ ਗੁਰਿ ਰਾਖਿ ਲੀਏ ਲਿਵ ਲਾਏ ॥੬॥ ਇਨ ਲੋਗਨ ਸਿਉ ਹਮ ਭਏ ਬੈਰਾਈ ॥ ਏਕ ਗ੍ਰਿਹ ਮਹਿ ਦੁਇ ਨ ਖਟਾਂਈ ॥ ਆਏ ਪ੍ਰਭ ਪਹਿ ਅੰਚਰਿ ਲਾਗਿ ॥ ਕਰਹੁ ਤਪਾਵਸੁ ਪ੍ਰਭ ਸਰਬਾਗਿ ॥੭॥ ਪ੍ਰਭ ਹਸਿ ਬੋਲੇ ਕੀਏ ਨਿਆਂਏਂ ॥ ਸਗਲ ਦੂਤ ਮੇਰੀ ਸੇਵਾ ਲਾਏ ॥ ਤੂੰ ਠਾਕੁਰੁ ਇਹੁ ਗ੍ਰਿਹੁ ਸਭੁ ਤੇਰਾ ॥ ਕਹੁ ਨਾਨਕ ਗੁਰਿ ਕੀਆ ਨਿਬੇਰਾ ॥੮॥੧॥ ਪ੍ਰਭਾਤੀ ਮਹਲਾ ੫ ॥

ਮਨ ਮਹਿ ਕ੍ਰੋਧੁ ਮਹਾ ਅਹੰਕਾਰਾ ॥ ਪੂਜਾ ਕਰਹਿ ਬਹੁਤੁ ਬਿਸਥਾਰਾ ॥ ਕਰਿ ਇਸਨਾਨੁ ਤਨਿ ਚਕ੍ਰ ਬਣਾਏ ॥ ਅੰਤਰ
ਕੀ ਮਲੁ ਕਬ ਹੀ ਨ ਜਾਏ ॥੧॥ ਇਤੁ ਸੰਜਮਿ ਪ੍ਰਭੁ ਕਿਨ ਹੀ ਨ ਪਾਇਆ ॥ ਭਗਉਤੀ ਮੁਦ੍ਰਾ ਮਨੁ ਮੋਹਿਆ
ਮਾਇਆ ॥੧॥ ਰਹਾਉ ॥ ਪਾਪ ਕਰਹਿ ਪੰਚਾਂ ਕੇ ਬਸਿ ਰੇ ॥ ਤੀਰਥਿ ਨਾਇ ਕਹਹਿ ਸਭਿ ਉਤਰੇ ॥ ਬਹੁਰਿ
ਕਮਾਵਹਿ ਹੋਇ ਨਿਸੰਕ ॥ ਜਮ ਪੁਰਿ ਬਾਂਧਿ ਖਰੇ ਕਾਲੰਕ ॥੨॥ ਘੂਘਰ ਬਾਧਿ ਬਜਾਵਹਿ ਤਾਲਾ ॥ ਅੰਤਰਿ ਕਪਟੁ
ਫਿਰਹਿ ਬੇਤਾਲਾ ॥ ਵਰਮੀ ਮਾਰੀ ਸਾਪੁ ਨ ਮੂਆ ॥ ਪ੍ਰਭੁ ਸਭ ਕਿਛੁ ਜਾਨੈ ਜਿਨਿ ਤੂ ਕੀਆ ॥੩॥ ਪੂੰਅਰ ਤਾਪ ਗੇਰੀ
ਕੇ ਬਸਤ੍ਰਾ ॥ ਅਪਦਾ ਕਾ ਮਾਰਿਆ ਗ੍ਰਿਹ ਤੇ ਨਸਤਾ ॥ ਦੇਸੁ ਛੋਡਿ ਪਰਦੇਸਹਿ ਧਾਇਆ ॥ ਪੰਚ ਚੰਡਾਲ ਨਾਲੇ ਲੈ
ਆਇਆ ॥੪॥ ਕਾਨ ਫਰਾਇ ਹਿਰਾਏ ਟੂਕਾ ॥ ਘਰਿ ਘਰਿ ਮਾਂਗੈ ਤ੍ਰਿਪਤਾਵਨ ਤੇ ਚੂਕਾ ॥ ਬਨਿਤਾ ਛੋਡਿ ਬਦ
ਨਦਰਿ ਪਰ ਨਾਰੀ ॥ ਵੇਸਿ ਨ ਪਾਈਐ ਮਹਾ ਦੁਖਿਆਰੀ ॥੫॥ ਬੋਲੈ ਨਾਹੀ ਹੋਇ ਬੈਠਾ ਮੋਨੀ ॥ ਅੰਤਰਿ ਕਲਪ
ਭਵਾਈਐ ਜੋਨੀ ॥ ਅੰਨ ਤੇ ਰਹਤਾ ਦੁਖੁ ਦੇਹੀ ਸਹਤਾ ॥ ਹੁਕਮੁ ਨ ਬੂਝੈ ਵਿਆਪਿਆ ਮਮਤਾ ॥੬॥ ਬਿਨੁ ਸਤਿਗੁਰ
ਕਿਨੈ ਨ ਪਾਈ ਪਰਮ ਗਤੇ ॥ ਪੂਛਹੁ ਸਗਲ ਬੇਦ ਸਿੰਮ੍ਰਿਤੇ ॥ ਮਨਮੁਖ ਕਰਮ ਕਰੈ ਅਜਾਈ ॥ ਜਿਉ ਬਾਲੂ ਘਰ ਠਉਰ
ਨ ਠਾਈ ॥੭॥ ਜਿਸ ਨੋ ਭਏ ਗੋੁਬਿੰਦ ਦਇਆਲਾ ॥ ਗੁਰ ਕਾ ਬਚਨੁ ਤਿਨਿ ਬਾਧਿਓ ਪਾਲਾ ॥ ਕੋਟਿ ਮਧੇ ਕੋਈ
ਸੰਤੁ ਦਿਖਾਇਆ ॥ ਨਾਨਕੁ ਤਿਨ ਕੈ ਸੰਗਿ ਤਰਾਇਆ ॥੮॥ ਜੇ ਹੋਵੈ ਭਾਗੁ ਤਾ ਦਰਸਨੁ ਪਾਈਐ ॥ ਆਪਿ ਤਰੈ
ਸਭੁ ਕੁਟੰਬੁ ਤਰਾਈਐ ॥੧॥ ਰਹਾਉ ਦੂਜਾ ॥੨॥ ਪ੍ਰਭਾਤੀ ਮਹਲਾ ੫ ॥ ਸਿਮਰਤ ਨਾਮੁ ਕਿਲਬਿਖ ਸਭਿ ਕਾਟੇ ॥
ਧਰਮ ਰਾਇ ਕੇ ਕਾਗਰ ਫਾਟੇ ॥ ਸਾਧਸੰਗਤਿ ਮਿਲਿ ਹਰਿ ਰਸੁ ਪਾਇਆ ॥ ਪਾਰਬ੍ਰਹਮੁ ਰਿਦ ਮਾਹਿ ਸਮਾਇਆ
॥੧॥ ਰਾਮ ਰਮਤ ਹਰਿ ਹਰਿ ਸੁਖੁ ਪਾਇਆ ॥ ਤੇਰੇ ਦਾਸ ਚਰਨ ਸਰਨਾਇਆ ॥੧॥ ਰਹਾਉ ॥ ਚੂਕਾ ਗਉਣੁ
ਮਿਟਿਆ ਅੰਧਿਆਰੁ ॥ ਗੁਰਿ ਦਿਖਲਾਇਆ ਮੁਕਤਿ ਦੁਆਰੁ ॥ ਹਰਿ ਪ੍ਰੇਮ ਭਗਤਿ ਮਨੁ ਤਨੁ ਸਦ ਰਾਤਾ ॥ ਪ੍ਰਭੂ
ਜਨਾਇਆ ਤਬ ਹੀ ਜਾਤਾ ॥੨॥ ਘਟਿ ਘਟਿ ਅੰਤਰਿ ਰਵਿਆ ਸੋਇ ॥ ਤਿਸੁ ਬਿਨੁ ਬੀਜੋ ਨਾਹੀ ਕੋਇ ॥ ਬੈਰ ਬਿਰੋਧ
ਛੇਦੇ ਭੈ ਭਰਮਾਂ ॥ ਪ੍ਰਭਿ ਪੁੰਨਿ ਆਤਮੈ ਕੀਨੇ ਧਰਮਾ ॥੩॥ ਮਹਾ ਤਰੰਗ ਤੇ ਕਾਂਢੈ ਲਾਗਾ ॥ ਜਨਮ ਜਨਮ ਕਾ ਟੂਟਾ
ਗਾਂਢਾ ॥ ਜਪੁ ਤਪੁ ਸੰਜਮੁ ਨਾਮੁ ਸਮ੍ਹ੍ਹਾਲਿਆ ॥ ਅਪੁਨੈ ਠਾਕੁਰਿ ਨਦਰਿ ਨਿਹਾਲਿਆ ॥੪॥ ਮੰਗਲ ਸੂਖ

ਕਲਿਆਣ ਤਿਥਾਈਂ ॥ ਜਹ ਸੇਵਕ ਗੋਪਾਲ ਗੁਸਾਈ ॥ ਪ੍ਰਭ ਸੁਪ੍ਰਸੰਨ ਭਏ ਗੋਪਾਲ ॥ ਜਨਮ ਜਨਮ ਕੇ ਮਿਟੇ ਬਿਤਾਲ ॥੫॥ ਹੋਮ ਜਗ ਉਰਧ ਤਪ ਪੂਜਾ ॥ ਕੋਟਿ ਤੀਰਥ ਇਸਨਾਨੁ ਕਰੀਜਾ ॥ ਚਰਨ ਕਮਲ ਨਿਮਖ ਰਿਦੈ ਧਾਰੇ ॥ ਗੋਬਿੰਦ ਜਪਤ ਸਭਿ ਕਾਰਜ ਸਾਰੇ ॥੬॥ ਊਚੇ ਤੇ ਊਚਾ ਪ੍ਰਭ ਥਾਨੁ ॥ ਹਰਿ ਜਨ ਲਾਵਹਿ ਸਹਜਿ ਧਿਆਨੁ ॥ ਦਾਸ ਦਾਸਨ ਕੀ ਬਾਂਛਉ ਧੂਰਿ ॥ ਸਰਬ ਕਲਾ ਪ੍ਰੀਤਮ ਭਰਪੂਰਿ ॥੭॥ ਮਾਤ ਪਿਤਾ ਹਰਿ ਪ੍ਰੀਤਮੁ ਨੇਰਾ ॥ ਮੀਤ ਸਾਜਨ ਭਰਵਾਸਾ ਤੇਰਾ ॥ ਕਰੁ ਗਹਿ ਲੀਨੇ ਅਪੁਨੇ ਦਾਸ ॥ ਜਪਿ ਜੀਵੈ ਨਾਨਕੁ ਗੁਣਤਾਸ ॥੮॥੩॥੨॥੭॥੧੨॥

ਬਿਭਾਸ ਪ੍ਰਭਾਤੀ ਬਾਣੀ ਭਗਤ ਕਬੀਰ ਜੀ ਕੀ ੴ ਸਤਿਗੁਰ ਪ੍ਰਸਾਦਿ ॥

ਮਰਨ ਜੀਵਨ ਕੀ ਸੰਕਾ ਨਾਸੀ ॥ ਆਪਨ ਰੰਗਿ ਸਹਜ ਪਰਗਾਸੀ ॥੧॥ ਪ੍ਰਗਟੀ ਜੋਤਿ ਮਿਟਿਆ ਅੰਧਿਆਰਾ ॥ ਰਾਮ ਰਤਨੁ ਪਾਇਆ ਕਰਤ ਬੀਚਾਰਾ ॥੧॥ ਰਹਾਉ ॥ ਜਹ ਅਨੰਦੁ ਦੁਖੁ ਦੂਰਿ ਪਇਆਨਾ ॥ ਮਨੁ ਮਾਨਕੁ ਲਿਵ ਤਤੁ ਲੁਕਾਨਾ ॥੨॥ ਜੋ ਕਿਛੁ ਹੋਆ ਸੁ ਤੇਰਾ ਭਾਣਾ ॥ ਜੋ ਇਵ ਬੂਝੈ ਸੁ ਸਹਜਿ ਸਮਾਣਾ ॥੩॥ ਕਹਤੁ ਕਬੀਰੁ ਕਿਲਬਿਖ ਗਏ ਖੀਣਾ ॥ ਮਨੁ ਭਇਆ ਜਗਜੀਵਨ ਲੀਣਾ ॥੪॥੧॥ ਪ੍ਰਭਾਤੀ ॥ ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ ॥ ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ ॥੧॥ ਅਲਹ ਰਾਮ ਜੀਵਉ ਤੇਰੇ ਨਾਈ ॥ ਤੂ ਕਰਿ ਮਿਹਰਾਮਤਿ ਸਾਈ ॥੧॥ ਰਹਾਉ ॥ ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ ॥ ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ ॥੨॥ ਬ੍ਰਹਮਨ ਗਿਆਸ ਕਰਹਿ ਚਉਬੀਸਾ ਕਾਜੀ ਮਹ ਰਮਜਾਨਾ ॥ ਗਿਆਰਹ ਮਾਸ ਪਾਸ ਕੈ ਰਾਖੇ ਏਕੈ ਮਾਹਿ ਨਿਧਾਨਾ ॥੩॥ ਕਹਾ ਉਡੀਸੇ ਮਜਨੁ ਕੀਆ ਕਿਆ ਮਸੀਤਿ ਸਿਰੁ ਨਾਂਏਂ ॥ ਦਿਲ ਮਹਿ ਕਪਟੁ ਨਿਵਾਜ ਗੁਜਾਰੈ ਕਿਆ ਹਜ ਕਾਬੈ ਜਾਂਏਂ ॥੪॥ ਏਤੇ ਅਉਰਤ ਮਰਦਾ ਸਾਜੇ ਏ ਸਭ ਰੂਪ ਤੁਮ੍ਹਾਰੇ ॥ ਕਬੀਰੁ ਪੂੰਗਰਾ ਰਾਮ ਅਲਹ ਕਾ ਸਭ ਗੁਰ ਪੀਰ ਹਮਾਰੇ ॥੫॥ ਕਹਤੁ ਕਬੀਰੁ ਸੁਨਹੁ ਨਰ ਨਰਵੈ ਪਰਹੁ ਏਕ ਕੀ ਸਰਨਾ ॥ ਕੇਵਲ ਨਾਮੁ ਜਪਹੁ ਰੇ ਪ੍ਰਾਨੀ ਤਬ ਹੀ ਨਿਹਚੈ ਤਰਨਾ ॥੬॥੨॥ ਪ੍ਰਭਾਤੀ ॥ ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ ॥ ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ

॥੧॥ ਲੋਗਾ ਭਰਮਿ ਨ ਭੂਲਹੁ ਭਾਈ ॥ ਖਾਲਿਕੁ ਖਲਕ ਖਲਕ ਮਹਿ ਖਾਲਿਕੁ ਪੂਰਿ ਰਹਿਓ ਸ੍ਰਬ ਠਾਂਈ ॥੧॥ ਰਹਾਉ ॥ ਮਾਟੀ ਏਕ ਅਨੇਕ ਭਾਂਤਿ ਕਰਿ ਸਾਜੀ ਸਾਜਨਹਾਰੈ ॥ ਨਾ ਕਛੁ ਪੋਚ ਮਾਟੀ ਕੇ ਭਾਂਡੇ ਨਾ ਕਛੁ ਪੋਚ ਕੁੰਭਾਰੈ ॥੨॥ ਸਭ ਮਹਿ ਸਚਾ ਏਕੋ ਸੋਈ ਤਿਸ ਕਾ ਕੀਆ ਸਭੁ ਕਛੁ ਹੋਈ ॥ ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥੩॥ ਅਲਹੁ ਅਲਖੁ ਨ ਜਾਈ ਲਖਿਆ ਗੁਰਿ ਗੁੜੁ ਦੀਨਾ ਮੀਠਾ ॥ ਕਹਿ ਕਬੀਰ ਮੇਰੀ ਸੰਕਾ ਨਾਸੀ ਸਰਬ ਨਿਰੰਜਨੁ ਡੀਠਾ ॥੪॥੩॥ ਪ੍ਰਭਾਤੀ ॥ ਬੇਦ ਕਤੇਬ ਕਹਹੁ ਮਤ ਝੂਠੇ ਝੂਠਾ ਜੋ ਨ ਬਿਚਾਰੈ ॥ ਜਉ ਸਭ ਮਹਿ ਏਕੁ ਖੁਦਾਇ ਕਹਤ ਹਉ ਤਉ ਕਿਉ ਮੁਰਗੀ ਮਾਰੈ ॥੧॥ ਮੁਲਾਂ ਕਹਹੁ ਨਿਆਉ ਖੁਦਾਈ ॥ ਤੇਰੇ ਮਨ ਕਾ ਭਰਮੁ ਨ ਜਾਈ ॥੧॥ ਰਹਾਉ ॥ ਪਕਰਿ ਜੀਉ ਆਨਿਆ ਦੇਹ ਬਿਨਾਸੀ ਮਾਟੀ ਕਉ ਬਿਸਮਿਲਿ ਕੀਆ ॥ ਜੋਤਿ ਸਰੂਪ ਅਨਾਹਤ ਲਾਗੀ ਕਹੁ ਹਲਾਲੁ ਕਿਆ ਕੀਆ ॥੨॥ ਕਿਆ ਉਜੂ ਪਾਕੁ ਕੀਆ ਮੁਹੁ ਧੋਇਆ ਕਿਆ ਮਸੀਤਿ ਸਿਰੁ ਲਾਇਆ ॥ ਜਉ ਦਿਲ ਮਹਿ ਕਪਟੁ ਨਿਵਾਜ ਗੁਜਾਰਹੁ ਕਿਆ ਹਜ ਕਾਬੈ ਜਾਇਆ ॥੩॥ ਤੂੰ ਨਾਪਾਕੁ ਪਾਕੁ ਨਹੀ ਸੂਝਿਆ ਤਿਸ ਕਾ ਮਰਮੁ ਨ ਜਾਨਿਆ ॥ ਕਹਿ ਕਬੀਰ ਭਿਸਤਿ ਤੇ ਚੂਕਾ ਦੋਜਕ ਸਿਉ ਮਨੁ ਮਾਨਿਆ ॥੪॥੪॥ ਪ੍ਰਭਾਤੀ ॥ ਸੁੰਨ ਸੰਧਿਆ ਤੇਰੀ ਦੇਵ ਦੇਵਾਕਰ ਅਧਪਤਿ ਆਦਿ ਸਮਾਈ ॥ ਸਿਧ ਸਮਾਧਿ ਅੰਤੁ ਨਹੀ ਪਾਇਆ ਲਾਗਿ ਰਹੇ ਸਰਨਾਈ ॥੧॥ ਲੇਹੁ ਆਰਤੀ ਹੋ ਪੁਰਖ ਨਿਰੰਜਨ ਸਤਿਗੁਰ ਪੂਜਹੁ ਭਾਈ ॥ ਠਾਢਾ ਬ੍ਰਹਮਾ ਨਿਗਮ ਬੀਚਾਰੈ ਅਲਖੁ ਨ ਲਖਿਆ ਜਾਈ ॥੧॥ ਰਹਾਉ ॥ ਤਤੁ ਤੇਲੁ ਨਾਮੁ ਕੀਆ ਬਾਤੀ ਦੀਪਕੁ ਦੇਹ ਉਜ੍ਯ੍ਯਾਰਾ ॥ ਜੋਤਿ ਲਾਇ ਜਗਦੀਸ ਜਗਾਇਆ ਬੂਝੈ ਬੂਝਨਹਾਰਾ ॥੨॥ ਪੰਚੇ ਸਬਦ ਅਨਾਹਦ ਬਾਜੇ ਸੰਗੇ ਸਾਰਿੰਗਪਾਨੀ ॥ ਕਬੀਰ ਦਾਸ ਤੇਰੀ ਆਰਤੀ ਕੀਨੀ ਨਿਰੰਕਾਰ ਨਿਰਬਾਨੀ ॥੩॥੫॥

## ਪ੍ਰਭਾਤੀ ਬਾਣੀ ਭਗਤ ਨਾਮਦੇਵ ਜੀ ਕੀ ੴ ਸਤਿਗੁਰ ਪ੍ਰਸਾਦਿ ॥

ਮਨ ਕੀ ਬਿਰਥਾ ਮਨੁ ਹੀ ਜਾਨੈ ਕੈ ਬੂਝਲ ਆਗੈ ਕਹੀਐ ॥ ਅੰਤਰਜਾਮੀ ਰਾਮੁ ਰਵਾਂਈ ਮੈ ਡਰੁ ਕੈਸੇ ਚਹੀਐ ॥੧॥ ਬੇਧੀਅਲੇ ਗੋਪਾਲ ਗੋੁਸਾਈ ॥ ਮੇਰਾ ਪ੍ਰਭੁ ਰਵਿਆ ਸਰਬੇ ਠਾਈ ॥੧॥ ਰਹਾਉ ॥ ਮਾਨੈ ਹਾਟੁ ਮਾਨੈ ਪਾਟੁ ਮਾਨੈ ਹੈ ਪਾਸਾਰੀ ॥ ਮਾਨੈ ਬਾਸੈ ਨਾਨਾ ਭੇਦੀ ਭਰਮਤੁ ਹੈ ਸੰਸਾਰੀ ॥੨॥ ਗੁਰ ਕੈ ਸਬਦਿ ਏਹੁ ਮਨੁ ਰਾਤਾ

ਦੁਬਿਧਾ ਸਹਜਿ ਸਮਾਣੀ ॥ ਸਭੋ ਹੁਕਮੁ ਹੁਕਮੁ ਹੈ ਆਪੇ ਨਿਰਭਉ ਸਮਤੁ ਬੀਚਾਰੀ ॥੩॥ ਜੋ ਜਨ ਜਾਨਿ ਭਜਹਿ ਪੁਰਖੋਤਮੁ ਤਾ ਚੀ ਅਬਿਗਤੁ ਬਾਣੀ ॥ ਨਾਮਾ ਕਹੈ ਜਗਜੀਵਨੁ ਪਾਇਆ ਹਿਰਦੈ ਅਲਖ ਬਿਡਾਣੀ ॥੪॥੧॥ ਪ੍ਰਭਾਤੀ ॥ ਆਦਿ ਜੁਗਾਦਿ ਜੁਗਾਦਿ ਜੁਗੋ ਜੁਗੁ ਤਾ ਕਾ ਅੰਤੁ ਨ ਜਾਨਿਆ ॥ ਸਰਬ ਨਿਰੰਤਰਿ ਰਾਮੁ ਰਹਿਆ ਰਵਿ ਐਸਾ ਰੂਪੁ ਬਖਾਨਿਆ ॥੧॥ ਗੋਬਿਦੁ ਗਾਜੈ ਸਬਦੁ ਬਾਜੈ ॥ ਆਨਦ ਰੂਪੀ ਮੇਰੋ ਰਾਮਈਆ ॥੧॥ ਰਹਾਉ ॥ ਬਾਵਨ ਬੀਖੂ ਬਾਨੈ ਬੀਖੇ ਬਾਸੁ ਤੇ ਸੁਖ ਲਾਗਿਲਾ ॥ ਸਰਬੇ ਆਦਿ ਪਰਮਲਾਦਿ ਕਾਸਟ ਚੰਦਨੁ ਭੈਇਲਾ ॥੨॥ ਤੁਮ੍ ਚੇ ਪਾਰਸੁ ਹਮ ਚੇ ਲੋਹਾ ਸੰਗੇ ਕੰਚਨੁ ਭੈਇਲਾ ॥ ਤੂ ਦਇਆਲੁ ਰਤਨੁ ਲਾਲੁ ਨਾਮਾ ਸਾਚਿ ਸਮਾਇਲਾ ॥੩॥੨॥ ਪ੍ਰਭਾਤੀ ॥ ਅਕੁਲ ਪੁਰਖ ਇਕੁ ਚਲਿਤੁ ਉਪਾਇਆ ॥ ਘਟਿ ਘਟਿ ਅੰਤਰਿ ਬ੍ਰਹਮੁ ਲੁਕਾਇਆ ॥੧॥ ਜੀਅ ਕੀ ਜੋਤਿ ਨ ਜਾਨੈ ਕੋਈ ॥ ਤੈ ਮੈ ਕੀਆ ਸੁ ਮਾਲੂਮੁ ਹੋਈ ॥੧॥ ਰਹਾਉ ॥ ਜਿਉ ਪ੍ਰਗਾਸਿਆ ਮਾਟੀ ਕੁੰਭੇਉ ॥ ਆਪ ਹੀ ਕਰਤਾ ਬੀਠੁਲੁ ਦੇਉ ॥੨॥ ਜੀਅ ਕਾ ਬੰਧਨੁ ਕਰਮੁ ਬਿਆਪੈ ॥ ਜੋ ਕਿਛੁ ਕੀਆ ਸੁ ਆਪੈ ਆਪੈ ॥੩॥ ਪ੍ਰਣਵਤਿ ਨਾਮਦੇਉ ਇਹੁ ਜੀਉ ਚਿਤਵੈ ਸੁ ਲਹੈ ॥ ਅਮਰੁ ਹੋਇ ਸਦ ਆਕੁਲ ਰਹੈ ॥੪॥੩॥

## ਪ੍ਰਭਾਤੀ ਭਗਤ ਬੇਣੀ ਜੀ ਕੀ ੴ ਸਤਿਗੁਰ ਪ੍ਰਸਾਦਿ ॥

ਤਨਿ ਚੰਦਨੁ ਮਸਤਕਿ ਪਾਤੀ ॥ ਰਿਦ ਅੰਤਰਿ ਕਰ ਤਲ ਕਾਤੀ ॥ ਠਗ ਦਿਸਟਿ ਬਗਾ ਲਿਵ ਲਾਗਾ ॥ ਦੇਖਿ ਬੈਸਨੋ ਪ੍ਰਾਨ ਮੁਖ ਭਾਗਾ ॥੧॥ ਕਲਿ ਭਗਵਤ ਬੰਦ ਚਿਰਾਂਮੰ ॥ ਕ੍ਰੂਰ ਦਿਸਟਿ ਰਤਾ ਨਿਸਿ ਬਾਦੰ ॥੧॥ ਰਹਾਉ ॥ ਨਿਤਪ੍ਰਤਿ ਇਸਨਾਨੁ ਸਰੀਰੰ ॥ ਦੁਇ ਧੋਤੀ ਕਰਮ ਮੁਖਿ ਖੀਰੰ ॥ ਰਿਦੈ ਛੁਰੀ ਸੰਧਿਆਨੀ ॥ ਪਰ ਦਰਬੁ ਹਿਰਨ ਕੀ ਬਾਨੀ ॥੨॥ ਸਿਲ ਪੂਜਸਿ ਚਕ੍ਰ ਗਣੇਸੰ ॥ ਨਿਸਿ ਜਾਗਸਿ ਭਗਤਿ ਪ੍ਰਵੇਸੰ ॥ ਪਗ ਨਾਚਸਿ ਚਿਤੁ ਅਕਰਮੰ ॥ ਏ ਲੰਪਟ ਨਾਚ ਅਧਰਮੰ ॥੩॥ ਮ੍ਰਿਗ ਆਸਣੁ ਤੁਲਸੀ ਮਾਲਾ ॥ ਕਰ ਊਜਲ ਤਿਲਕੁ ਕਪਾਲਾ ॥ ਰਿਦੈ ਕੂੜੁ ਕੰਠਿ ਰੁਦ੍ਰਾਖੰ ॥ ਰੇ ਲੰਪਟ ਕ੍ਰਿਸਨੁ ਅਭਾਖੰ ॥੪॥ ਜਿਨਿ ਆਤਮ ਤਤੁ ਨ ਚੀਨਿ੍ਆ ॥ ਸਭ ਫੋਕਟ ਧਰਮ ਅਬੀਨਿਆ ॥ ਕਹੁ ਬੇਣੀ ਗੁਰਮੁਖਿ ਧਿਆਵੈ ॥ ਬਿਨੁ ਸਤਿਗੁਰ ਬਾਟ ਨ ਪਾਵੈ ॥੫॥੧॥